ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸੋਮਵਾਰ, 29 ਜਨਵਰੀ 2024 (ਨਾਨਕਸ਼ਾਹੀ ਸੰਮਤ : ੫੫੪, ੧੬ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243

# ਨਿਤੀਸ਼ ਕੁਮਾਰ ਨੇ ਰਿਕਾਰਡ ਨੌਵੀਂ ਵਾਰ ਬਿਹਾਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ




**ਪਟਨਾ, 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜਨਤਾ ਦਲ ਯੂਨਾਈਟਿਡ (ਜੇਡੀਯੂ) ਦੇ ਪ੍ਰਧਾਨ ਨਿਤੀਸ਼ ਕੁਮਾਰ ਨੇ ਐਤਵਾਰ ਨੂੰ ਰਿਕਾਰਡ ਨੌਵੀਂ ਵਾਰ ਬਿਹਾਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਇੱਥੇ ਰਾਜ ਭਵਨ ਵਿਖੇ ਰਾਜਪਾਲ ਰਾਜੇਂਦਰ ਅਰਲੇਕਰ ਨੇ ਉਨ੍ਹਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਕੁਮਾਰ ਦੇ ਨਾਲ, ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਨੇਤਾਵਾਂ ਵਿਜੇ ਕੁਮਾਰ ਸਿਨਹਾ, ਸਮਰਾਟ ਚੌਧਰੀ ਅਤੇ ਪ੍ਰੇਮ ਕੁਮਾਰ ਅਤੇ ਜਨਤਾ ਦਲ (ਯੂ) ਦੇ ਵਿਜੇਂਦਰ ਯਾਦਵ ਅਤੇ ਸ਼ਰਵਨ ਕੁਮਾਰ ਨੇ ਵੀ ਮੰਤਰੀ ਵਜੋਂ ਸਹੁੰ ਚੁੱਕੀ। ਇਸ ਤੋਂ ਇਲਾਵਾ ਐੱਚਏਐੱਮ ਦੇ ਸੰਤੋਸ਼ ਕੁਮਾਰ ਸੁਮਨ, ਸੁਮਿਤ ਕੁਮਾਰ ਸਿੰਘ (ਆਜ਼ਾਦ) ਨੇ ਨਿਤੀਸ਼ ਕੁਮਾਰ ਦੀ ਅਗਵਾਈ ਵਾਲੀ ਨਵੀਂ ਸਰਕਾਰ ਵਿਚ ਮੰਤਰੀ ਵਜੋਂ ਸਹੁੰ ਚੁੱਕੀ। ਕੁਮਾਰ ਨੇ ਦਿਨ 'ਚ ਹੋਏ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਸੀ ਕਿ ਬਿਹਾਰ ਵਿਚ ਸੱਤਾਧਾਰੀ ਮਹਾਗਠਜੋੜ ਅਤੇ ਵਿਰੋਧੀ 'ਇੰਡੀਆ' ਗਠਜੋੜ ਵਿਚ ਉਨ੍ਹਾਂ ਲਈ "ਚੀਜ਼ਾਂ ਠੀਕ ਨਹੀਂ ਚੱਲ ਰਹੀਆਂ ਹਨ।" ਇਸ ਦੇ ਨਾਲ ਹੀ ਉਨ੍ਹਾਂ ਨੇ ਭਾਜਪਾ ਦੀ ਮਦਦ ਨਾਲ ਨਵੀਂ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ ਸੀ। ਕਰੀਬ ਡੇਢ ਸਾਲ ਪਹਿਲਾਂ ਉਨ੍ਹਾਂ ਨੇ ਭਾਜਪਾ ਨਾਲੋਂ ਨਾਤਾ ਤੋੜ ਲਿਆ ਸੀ।




## ਭਾਨਾ ਸਿੱਧੂ ਨੂੰ ਸੋਸ਼ਲ ਮੀਡੀਆ 'ਤੇ ਗਾਲ੍ਹਾਂ ਕੱਢਣ ਵਾਲਾ ਡਾ. ਰੰਗਰੇਟਾ ਗ੍ਰਿਫ਼ਤਾਰ

**ਲੁਧਿਆਣਾ, 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੁਲਿਸ ਨੇ ਲੁਧਿਆਣਾ ਦੇ ਸਮਾਜ ਸੇਵੀ ਡਾ: ਗੁਰਿੰਦਰ ਸਿੰਘ ਰੰਗਰੇਟਾ ਦੇ ਖਿਲਾਫ ਸੋਸ਼ਲ ਮੀਡੀਆ 'ਤੇ ਅਸ਼ਲੀਲ ਟਿੱਪਣੀਆਂ ਕਰਨ ਕਰਨ ਦੇ ਦੋਸ਼ 'ਚ ਐੱਫ.ਆਈ.ਆਰ. ਦਰਜ ਕੀਤੀ ਹੈ ਜਿਸ ਤੋਂ ਬਾਅਦ ਪੁਲਿਸ ਨੇ ਰੰਗਰੇਟਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਨੂੰ ਜਾਣਕਾਰੀ ਦਿੰਦੇ ਹੋਏ ਪੀਪੀ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਕੁੱਝ ਸਮਾਂ ਪਹਿਲਾਂ ਫੇਸਬੁੱਕ 'ਤੇ ਇੱਕ ਪੋਸਟ ਸ਼ੇਅਰ ਕੀਤੀ ਸੀ। ਡਾ: ਗੁਰਿੰਦਰ ਸਿੰਘ ਰੰਗਰੇਟਾ ਨੇ ਉਸ ਪੋਸਟ 'ਤੇ ਟਿੱਪਣੀ ਕਰਦਿਆਂ ਅਸ਼ਲੀਲ ਟਿੱਪਣੀਆਂ ਕੀਤੀਆਂ ਹਨ। ਪੀਪੀ ਸੁਖਵਿੰਦਰ ਨੇ ਕਿਹਾ ਕਿ ਉਸ ਪੋਸਟ 'ਤੇ ਉਸ ਨੇ ਮਾਂ ਅਤੇ ਭੈਣ ਨੂੰ ਗਾਲ੍ਹਾਂ ਕੱਢੀਆਂ। ਸੁਖਵਿੰਦਰ ਸਿੰਘ ਨੇ ਬੀਤੇ ਦਿਨੀਂ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਨਾਲ ਮੁਲਾਕਾਤ ਕੀਤੀ ਸੀ। ਉਸ ਨੇ ਉਨ੍ਹਾਂ ਨੂੰ ਉਹ ਪੋਸਟ ਵੀ ਦਿਖਾਈ ਜਿਸ ਵਿੱਚ ਰੰਗਰੇਟਾ ਨੇ ਉਸ ਨੂੰ ਗਾਲਾਂ ਕੱਢੀਆਂ ਸੀ। ਸੁਖਵਿੰਦਰ ਨੇ ਦੱਸਿਆ ਕਿ ਉਨ੍ਹਾਂ ਨੇ ਭਾਨਾ ਸਿੱਧੂ ਦੇ ਹੱਕ ਵਿੱਚ ਪੋਸਟ ਸਾਂਝੀ ਕੀਤੀ ਸੀ ਜਿਸ ਤੋਂ ਬਾਅਦ ਡਾ. ਰੰਗਰੇਟਾ ਨੇ ਟਿੱਪਣੀਆਂ ਵਿੱਚ ਗਾਲਾਂ ਕੱਢੀਆਂ ਸੀ। ਸੁਖਵਿੰਦਰ ਨੇ ਦੱਸਿਆ ਕਿ ਦੋ ਮਹੀਨੇ ਪਹਿਲਾਂ ਵੀ ਡਾ: ਰੰਗਰੇਟਾ ਨੇ ਸੋਸ਼ਲ ਮੀਡੀਆ 'ਤੇ ਉਨ੍ਹਾਂ 'ਤੇ ਗਲਤ ਟਿੱਪਣੀਆਂ ਕੀਤੀਆਂ ਸਨ, ਥਾਣਾ ਸ਼ਮਿਲਾਪੁਰੀ ਦੀ ਪੁਲਿਸ ਨੇ ਮੁਲਜ਼ਮ ਡਾਕਟਰ ਰੰਗਰੇਟਾ ਖ਼ਿਲਾਫ਼ ਆਈਪੀਸੀ ਦੀਆਂ ਧਾਰਾਵਾਂ 354, 294, 509, 506 ਆਈਪੀਸੀ, 67, 67-ਏ ਤਹਿਤ ਕੇਸ ਦਰਜ ਕਰ ਲਿਆ ਹੈ। ਐਸਐਚਓ ਰਣਜੀਤ ਸਿੰਘ ਮਾਮਲੇ ਦੀ ਜਾਂਚ ਕਰ ਰਹੇ ਹਨ।

## ਹੁਣ ਪੰਜਾਬ ਦੇ ਪਿੰਡ-ਪਿੰਡ ਵਿਕ ਰਿਹਾ ਨਸ਼ਾ, ਪਿਛਲੇ ਤਿੰਨ ਸਾਲਾਂ ਵਿੱਚ ਹਾਲਤ ਹੋਈ ਖ਼ਰਾਬ, ਸਰਕਾਰ ਚੁੱਕੇ ਸਖ਼ਤ ਕਦਮ-ਰਾਜਪਾਲ



**ਚੰਡੀਗੜ੍ਹ, 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਰਾਜਪਾਲ ਬੀ.ਐੱਲ. ਪੁਰੋਹਿਤ ਨੇ ਇੱਕ ਵਾਰ ਫਿਰ ਪੰਜਾਬ 'ਚ ਵੱਧ ਰਹੇ ਨਸ਼ੇ ਦੇ ਮੁੱਦੇ 'ਤੇ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਵਿੱਚ ਨਸ਼ਾ ਬਹੁਤ ਵਧ ਗਿਆ ਹੈ। ਹੁਣ ਹਰ ਪਿੰਡ ਵਿੱਚ ਨਸ਼ਾ ਵਿਕ ਰਿਹਾ ਹੈ। ਤਿੰਨ ਸਾਲਾਂ ਵਿੱਚ ਨਸ਼ਾਖੋਰੀ ਬਹੁਤ ਤੇਜ਼ੀ ਨਾਲ ਵਧੀ ਹੈ। ਉਹ ਖੁਦ ਨਸ਼ੇ ਦੇ ਵਧਣ ਨੂੰ ਦੇਖ ਰਿਹਾ ਹੈ। ਉਹ ਚੰਡੀਗੜ੍ਹ ਵਿੱਚ ਇੱਕ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਸਟੇਜ ਤੋਂ ਇਹ ਗੱਲ ਕਹੀ। ਇਸ ਮੌਕੇ ਪੰਜਾਬ ਅਤੇ ਚੰਡੀਗੜ੍ਹ ਦੇ ਕਈ ਆਗੂ ਹਾਜ਼ਰ ਸਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਇਸ ਬੁਰਾਈ ਨੂੰ ਖਤਮ ਕਰਨ ਲਈ ਹੁਣ ਹਰ ਨਾਗਰਿਕ ਨੂੰ ਅੱਗੇ ਆਉਣਾ ਪਵੇਗਾ। ਇਸ ਵਿੱਚ ਸਰਕਾਰ ਨੂੰ ਵੀ ਅਹਿਮ ਜ਼ੰਮਿਵਾਰੀ ਨਿਭਾਉਣੀ ਪਵੇਗੀ ਤਾਂ ਹੀ ਅਸੀਂ ਇਸ ਚੀਜ਼ ਤੋਂ ਛੁਟਕਾਰਾ ਪਾ ਸਕਦੇ ਹਾਂ। ਰਾਜਪਾਲ ਨੇ ਕਿਹਾ ਕਿ ਨਸ਼ਿਆਂ ਦੇ ਵਧਣ ਕਾਰਨ ਹਰ ਵਰਗ ਦੇ ਲੋਕ ਚਿੰਤਤ ਹਨ। ਅਧਿਆਪਕ ਪ੍ਰਿੰਸੀਪਲ ਨੇ ਵੀ ਇਹ ਮਾਮਲਾ ਉਨ੍ਹਾਂ ਕੋਲ ਉਠਾਇਆ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਵ੍ਹਾਈਟ ਕਾਲਰ ਲੋਕ ਵੀ ਸੌਖੇ ਪੈਸੇ ਲੈਣ ਦੇ ਚੱਕਰ ਵਿੱਚ ਪੈ ਜਾਂਦੇ ਹਨ। ਅਜਿਹੇ 'ਚ ਮੈਂ ਸਰਕਾਰ ਤੋਂ ਮੰਗ ਕਰਦਾ ਹਾਂ ਕਿ ਅਜਿਹੇ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ। ਤਾਂ ਜੋ ਇਸ ਬੁਰਾਈ ਨੂੰ ਦੁਬਾਰਾ ਖਤਮ ਕੀਤਾ ਜਾ ਸਕੇ। ਜ਼ਿਕਰ ਕਰ ਦਈਏ ਕਿ ਇਹ ਪਹਿਲੀ ਵਾਰ ਨਹੀਂ ਹੈ ਕਿ ਰਾਜਪਾਲ ਨੇ ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਕਿਸੇ ਜਨਤਕ ਮੰਚ 'ਤੇ ਉਠਾਇਆ ਹੋਵੇ। ਇਸ ਤੋਂ ਪਹਿਲਾਂ ਜਦੋਂ ਉਹ ਸਰਹੱਦੀ ਪਿੰਡ ਗਏ ਸੀ। ਉਸ ਸਮੇਂ ਵੀ ਉਨ੍ਹਾਂ ਨੇ ਇਸ ਨੂੰ ਗੰਭੀਰਤਾ ਨਾਲ ਲਿਆ ਸੀ। ਇਸ ਤੋਂ ਬਾਅਦ ਪੰਜਾਬ ਪੁਲਿਸ ਨੇ ਦਿਹਾਤੀ ਚੌਕਸੀ ਕਮੇਟੀਆਂ ਬਣਾਈਆਂ ਸਨ। ਨਸ਼ਾ ਤਸਕਰਾਂ 'ਤੇ ਸ਼ਕਿੰਜਾ ਕੱਸਣ ਲਈ ਵੀ ਕਈ ਕਦਮ ਚੁੱਕੇ ਗਏ।

**ਆਵਾਜ਼ਿ ਕੌਮ**
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਪਟਿਆਲਾ 'ਚ ਗੱਡੀ ਲੁੱਟਣ ਆਏ ਲੁਟੇਰਿਆਂ ਨੇ ਨੌਜਵਾਨ ਦਾ ਗੋਲ਼ੀਆਂ ਮਾਰ ਕੇ ਕੀਤਾ ਕਤਲ



**ਪਟਿਆਲਾ 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ 'ਚ ਇਕ ਦਿਲ ਕੰਬਾਅ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ। ਜਿੱਥੇ ਗੱਡੀ ਲੁੱਟਣ ਆਏ 3 ਲੁਟੇਰਿਆਂ ਨੇ ਗੱਡੀ ਦੇ ਮਾਲਕ ਦਾ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ। ਮ੍ਰਿਤਕ ਦੀ ਪਛਾਣ ਸਮੀਰ ਕਟਾਰੀਆ (30) ਦੇ ਰੂਪ ਵਿਚ ਹੋਈ ਹੈ। ਲੁਟੇਰਿਆਂ ਨੇ ਹਥਿਆਰਾਂ ਦੀ ਨੋਕ 'ਤੇ ਨਾ ਸਿਰਫ ਗੱਡੀ ਲੁੱਟੀ ਸਗੋਂ ਗੱਡੀ ਦੇ ਮਾਲਿਕ ਸਮੀਰ ਕਟਾਰੀਆ ਦਾ ਕਤਲ ਵੀ ਕਰ ਦਿੱਤਾ। ਮ੍ਰਿਤਕ ਸਮੀਰ ਕਟਾਰੀਆ ਪਟਿਆਲਾ ਦੇ ਸਰਹੰਦੀ ਬਾਜ਼ਾਰ ਦਾ ਰਹਿਣ ਵਾਲਾ ਸੀ ਜਿਸ ਦੀ ਇਕ ਦੋ ਸਾਲ ਦੀ ਬੇਟੀ ਹੈ ਅਤੇ ਉਸਦੀ ਪਤਨੀ ਗਰਭਵਤੀ ਹੈ। ਸਮੀਰ ਗੱਡੀ ਵਿਚ ਬੈਠ ਕੇ ਆਪਣੇ ਸਾਥੀ ਨਾਲ ਘਰ ਜਾ ਰਿਹਾ ਸੀ, ਜਿੱਥੇ ਉਸ ਦਾ ਕਤਲ ਹੋ ਗਿਆ। ਫਿਲਹਾਲ ਪੁਲਸ ਦੀ ਵੱਖ ਵੱਖ ਟੀਮਾਂ ਵਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਕੀਤੀ ਜਾ ਰਹੀ ਹੈ। ਵਾਰਦਾਤ ਤੋਂ ਬਾਅਦ ਸਮੀਰ ਦਾ ਸਾਥੀ ਮੌਕੇ ਤੋਂ ਫਰਾਰ ਹੋ ਗਿਆ। ਵਾਰਦਾਤ ਵਾਲੀ ਜਗ੍ਹਾ 'ਤੇ ਹਮਲਾਵਰਾਂ ਨੇ ਇਕ 32 ਬੋਰ ਦੀ ਪਿਸਟਲ ਨਾਲ ਹਵਾਈ ਫਾਇਰ ਕੀਤਾ ਅਤੇ ਗੱਡੀ ਨੂੰ ਲੁੱਟ ਕੇ ਭੱਜਣ ਦੀ ਕੋਸ਼ਸ਼ਿ ਕੀਤੀ ਹਾਲਾਂਕਿ ਇਹ ਕੋਸ਼ਸ਼ਿ ਨਾਕਾਮ ਰਹੀ ਕਿਉਂਕਿ ਗੱਡੀ ਲੁੱਟਣ ਤੋਂ ਮਹਿਜ਼ 100 ਮੀਟਰ ਦੀ ਦੂਰੀ 'ਤੇ ਹੀ ਗੱਡੀ ਹਾਦਸੇ ਦੀ ਸ਼ਿਕਾਰ ਹੋ ਗਈ ਅਤੇ ਹਮਲਾਵਰ ਗੱਡੀ ਨੂੰ ਛੱਡ ਕੇ ਮੌਕੇ ਤੋਂ ਫਰਾਰ ਹੋ ਗਏ। ਵਾਰਦਾਤ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ ਪੁਲਸ ਨੂੰ ਗੱਡੀ ਵਿਚੋਂ ਹਮਲਾਵਰਾਂ ਵਲੋਂ ਪਿਸਟਲ ਦਾ ਮੈਗਜ਼ੀਨ ਅਤੇ ਇਕ ਰੋਂਦ ਬਰਾਮਦ ਹੋਇਆ ਹੈ।

## 75ਵੇਂ ਗਣਤੰਤਰ ਦਿਵਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪ੍ਰਸਿੱਧ ਸਿੱਖ ਵਿਦਵਾਨ ਭਗਵਾਨ ਸਿੰਘ ਜੌਹਲ ਦਾ ਸਨਮਾਨ



ਆਵਾਜ਼ਿ ਕੌਮ AWAZE QAUM International Newspaper & WEB TV

75ਵੇਂ ਗਣਤੰਤਰ ਦਿਵਸ ਮੌਕੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਇਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪ੍ਰਸਿੱਧ ਸਿੱਖ ਵਿਦਵਾਨ ਅਤੇ ਬੁਲਾਰੇ ਭਗਵਾਨ ਸਿੰਘ ਜੌਹਲ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਉਨ੍ਹਾਂ ਦੀਆਂ ਜੀਵਨ ਭਰ ਦੀਆਂ ਪ੍ਰਾਪਤੀਆਂ ਲਈ ਪ੍ਰਸ਼ੰਸਾ ਪੱਤਰ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਿਵਲ ਤੇ ਪੁਲੀਸ ਪ੍ਰਸ਼ਾਸਨ ਦੇ ਅਧਿਕਾਰੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਂਚੇਵਾਲ ਹਾਜ਼ਰ ਸਨ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ।।



ਪਰਮ ਸਤਿਕਾਰਯੋਗ.................................................. ਜੀਓ

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।

# 10 ਫਰਵਰੀ 2024 ਦੇ
# ਨੁਮਾਇੰਦਾ ਇਕੱਠ
## ਵਿੱਚ ਜਲੰਧਰ ਪਹੁੰਚਣ ਲਈ ਸੱਦਾ ਪੱਤਰ।

: ਏਜੰਡਾ :

**ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਇਨਸਾਫ ਲੈਣ ਹਿੱਤ ਕਾਨੂੰਨੀ ਪੱਖ ਤੇ ਲੋਕ ਲਹਿਰ ਉਸਾਰਨ ਲਈ।**

ਬੇਨਤੀ ਹੈ ਕਿ ਜਿਵੇਂ ਆਪ ਜੀ ਨੂੰ ਭਲੀ ਭਾਂਤ ਪਤਾ ਹੀ ਹੈ ਕਿ ਅੱਜ ਤੋਂ 31 ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਹੱਥ ਠੋਕੇ ਬੇਅੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਉਸਦੇ ਅਹਿਲਕਾਰਾਂ ਨੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਉਹਨਾਂ ਦੇ ਆਪਣੇ ਪਿੰਡ ਕਾਉਂਕੇ ਤੋਂ ਪਿੰਡ ਵਾਸੀਆਂ ਦੇ ਸਾਹਮਣੇ ਦਿਨ ਦਿਹਾੜੇ ਗ੍ਰਿਫਤਾਰ ਕਰਕੇ ਸੀ ਆਈ ਏ ਸਟਾਫ ਜਗਰਾਉਂ ਵਿਖੇ ਰੱਖਕੇ ਅਸਹਿ ਤੇ ਅਕਹਿ ਤਸੀਹੇ ਦੇ ਕੇ ਅਤੇ ਕੋਹ ਕੋਹ ਕੇ ਉਹਨਾਂ ਦੇ ਸਰੀਰ ਦੇ ਟੋਟੇ ਟੋਟੇ ਕਰਕੇ, ਭਾਵੇਂ ਇੱਕ ਜਨਵਰੀ 1993 ਨੂੰ ਸ਼ਹੀਦ ਕਰ ਦਿੱਤਾ ਗਿਆ ਸੀ। ਪਰ ਉਸ ਸਮੇਂ ਪੁਲਿਸ ਵਲੋਂ ਉਹਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਭੱਜਣ ਦਾ ਡਰਾਮਾ ਰਚਿਆ ਗਿਆ ਸੀ। ਉਸ ਸਮੇਂ ਤੋਂ ਪੰਥ ਵਲੋਂ ਉਹਨਾਂ ਦੇ ਕਾਤਲਾਂ ਨੂੰ ਸਜਾ ਦਿਵਾਉਣ ਲਈ ਇੱਕ ਸੁਰ ਹੋ ਕੇ ਮੰਗ ਉਠਾਉਣ ਦੇ ਬਾਵਜੂਦ ਕਿਸੇ ਵੀ ਹੁਕਮਰਾਨ ਸਰਕਾਰ ਨੇ ਇਸ ਦਾ ਇਨਸਾਫ ਦੇਣ ਦੀ ਬਜਾਏ ਅੱਖੋਂ ਪਰੋਖੇ ਕਰੀ ਰੱਖਿਆ ਇਥੋਂ ਤੱਕ ਕਿ ਪੰਥ ਦੀਆਂ ਵੋਟਾਂ ਲੈ ਕੇ ਤਿੰਨ ਵਾਰ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ ਅਕਾਲੀ ਸਰਕਾਰ ਨੇ ਆਪਣੀ ਕੌਮ ਦੇ ਜਥੇਦਾਰ ਦਾ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕਾਤਲ ਪੁਲਿਸ ਅਫਸਰਾਂ ਨੂੰ ਉਹਨਾਂ ਦੇ ਪਸੰਦੀ ਦੇ ਉੱਚ ਆਹੁਦੇ ਦੇ ਕੇ ਨਿਵਾਜਿਆ ਗਿਆ। ਸ. ਪ੍ਰਕਾਸ ਸਿੰਘ ਬਾਦਲ ਬਾਦਲ ਨੇ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਨੇ ਗ੍ਰਹਿ ਮੰਤਰੀ ਰਹਿੰਦਿਆਂ ਲਗਾਤਾਰ ਕ੍ਰਮਵਾਰ 13 ਤੇ 8 ਸਾਲ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਨੂੰ ਆਪਣੇ ਸਿਰਹਾਣੇ ਤੇ ਗੋਡੇ ਥੱਲੇ ਦਬਾਅ ਕੇ ਕਾਤਲਾਂ ਨੂੰ ਆਪਣੀ ਬੁੱਕਲ ਵਿਚ ਲੈ ਕੇ ਬਚਾਉਂਦੇ ਤੇ ਲਕਾਉਂਦੇ ਰਹੇ।

ਪ੍ਰੰਤੂ ਹੁਣ ਉਨਾਂ ਦੇ ਕਤਲ ਦੀ 25 ਸਾਲਾਂ ਬਾਅਦ ਪੁਲਿਸ ਅਫਸਰ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਜਨਤਕ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਤੇ ਦਾਖਲ ਹੋਈ ਹੈ। ਇਸ ਰਿਪੋਰਟ ਨੇ ਅੱਜ ਸੰਸਾਰ ਪੱਧਰ ਤੇ ਸਿੱਖ ਕੌਮ ਨੂੰ ਮੁੜ ਅਗਵਾਈ ਦਿੰਦਿਆ ਉਸ ਦੌਰ ਦੀਆਂ ਵਧੀਕੀਆਂ ਤੇ ਜਬਰ ਜੁਲਮ ਦਾ ਇਨਸਾਫ ਲੈਣ ਅਤੇ ਖੇਰੂ-ਖੇਰੂ ਹੋਈ ਕੌਮ ਨੂੰ ਜਗਾਉਣ ਅਤੇ ਇੱਕ ਮੰਚ ਤੇ ਇਕੱਠਿਆਂ ਹੋਣ ਲਈ ਲੋਕ ਲਹਿਰ ਖੜ੍ਹੀ ਕਰਨ ਲਈ ਹਲੂਣਾ ਦਿੱਤਾ ਹੈ।

ਸੋ ਆਓ ਪੰਥ ਅਤੇ ਪੰਜਾਬ ਦੇ ਦਰਦੀਓ, ਸਾਬਕਾ ਜੱਜ ਸਾਹਿਬਾਨ, ਵਕੀਲ ਸਾਹਿਬਾਨ ਮਨੁੱਖੀ ਅਧਿਕਾਰਾਂ ਲਈ ਅਵਾਜ ਬੁਲੰਦ ਕਰਨ ਵਾਲਿਓ, **10 ਫਰਵਰੀ 2024 ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦੁਰ ਸਾਹਿਬ ਨਗਰ ਦੇ, ਗੁਰਦੁਆਰਾ ਗੁਰੂ ਤੇਗ ਬਹਾਦਰ** ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ। ਸੋ ਗੁਰੂ ਹੁਕਮਾਂ ਦੀ ਰੋਸ਼ਨੀ ਵਿੱਚ, ਭਵਿੱਖੀ ਰਣਨੀਤੀ ਤਿਆਰ ਕਰਨ ਲਈ ਜਥੇਦਾਰ ਕਾਉਂਕੇ ਦੇ ਇਨਸਾਫ ਲੈਣ ਲਈ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਪ੍ਰਵਾਨ ਕਰਨਾ ਜੀ।

: ਨੋਟ :

ਜਥੇਦਾਰ ਕਾਉਂਕੇ ਸਾਹਿਬ ਦੇ ਮੁੱਦੇ ਤੇ ਇਨਸਾਫ ਲੈਣ ਲਈ ਕਨੂੰਨੀ ਰਾਏ ਤੇ ਲੋਕ ਲਹਿਰ ਖੜ੍ਹੀ ਕਰਨ ਲਈ ਆਪਣੇ ਕੀਮਤੀ ਸੁਝਾਅ ਸੰਖੇਪ ਸਬਦਾਂ ਵਿੱਚ ਲਿਖਕੇ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਧੰਨਵਾਦੀ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV


: ਗੁਰੂ ਪੰਥ ਦੇ ਦਾਸ :

**ਤਾਲਮੇਲ ਇਨਸਾਫ਼ ਕਮੇਟੀ**

**ਅਮਰ ਸ਼ਹੀਦ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ**

ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ

ਸੰਪਰਕ ਨੰਬਰ : 9872482164, 9814013915, 9814015740, 9779750126, ਕਨੂੰਨੀ ਸੁਝਾਅ ਦੇਣ ਵਾਸਤੇ ਨੰਬਰ : 9878421013




# ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 27 ਜਨਵਰੀ (ਕੁਲਜੀਤ ਸਿੰਘ ਖੋਖਰ)-** ਸ਼ਹੀਦਾਂ ਮਿਸਲ ਦੇ ਮੁਖੀ, ਸੂਰਬੀਰ ਅਤੇ ਨਿਰਭੈ ਯੋਧੇ, ਉੱਚੇ ਸਿੱਖ ਵਿਦਵਾਨ, ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਗੁਰਪੁਰਬ ਮੌਕੇ ਜ਼ਿਲ੍ਹੇ ਦੀ ਮਾਣਮਤੀ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਸਮਾਗਮ ਕਰਵਾਏ ਗਏ ।ਇਸ ਮੌਕੇ ਸੰਸਥਾ ਵਿਖੇ ਬਾਬਾ ਦੀਪ ਸਿੰਘ ਜੀ ਦੀ ਯਾਦ ਵਿੱਚ ਸੁਖਮਨੀ ਸਾਹਿਬ ਦੇ ਪਾਠ ਬੱਚਿਆਂ ਵੱਲੋਂ ਆਪ ਕੀਤੇ ਗਏ ।ਇਸ ਤੋਂ ਇਲਾਵਾ ਸੰਸਥਾ ਵਿੱਚ ਬਾਬਾ ਦੀਪ ਸਿੰਘ ਜੀ ਦੇ ਜੀਵਨ ਦੀ ਪੇਸ਼ਕਾਰੀ ਕਰਦੇ ਹੋਏ ਬਲੈਕ ਬੋਰਡ ਲਿਖੇ ਗਏ। ਸੰਸਥਾ ਦੀਆਂ ਵਿਦਿਆਰਥਣਾਂ ਰੂਪਨੀਤ ਕੌਰ, ਜਸ਼ਨਪ੍ਰੀਤ ਕੌਰ, ਮਨਜੋਤ ਕੌਰ,ਸੁਨੇਹਪ੍ਰੀਤ ਕੌਰ ਅਤੇ ਜਸਵਿੰਦਰ ਕੌਰ ਨੇ ਆਪਣੇ ਲੈਕਚਰਾਂ ਅਤੇ ਕਵਿਤਾਵਾਂ ਰਾਹੀਂ ਬਾਬਾ ਦੀਪ ਸਿੰਘ ਜੀ ਦੇ ਮੁਢਲੇ ਜੀਵਨ,ਉਹਨਾਂ ਦੇ ਬਚਪਨ ਅਤੇ ਬਹਾਦਰੀ ਬਾਰੇ ਵਿਦਿਆਰਥੀਆਂ ਨੂੰ ਵੇਰਵੇ ਨਾਲ ਜਾਣਕਾਰੀ ਦਿੱਤੀ। ਦਸਵੀਂ ਜਮਾਤ ਦੀ ਵਿਦਿਆਰਥਣ ਸ਼ਰੇਆ ਠਾਕੁਰ ਨੇ ਆਪਣੇ ਲੈਕਚਰ ਰਾਹੀਂ ਬਾਬਾ ਦੀਪ ਸਿੰਘ ਜੀ ਦੁਆਰਾ ਕੌਮ ਦੇ ਲਈ ਕੀਤੇ ਗਏ ਸਾਹਿਤਿਕ ਅਤੇ ਸੂਰਮਤਾ ਵਾਲੇ ਕਾਰਜਾਂ ਦੀ ਸਾਂਝ ਪਾਈ। ਵਿਦਿਆਰਥਣ ਰੂਪਨੀਤ ਕੌਰ ਨੇ ਦੱਸਿਆ ਕਿ ਕਿਵੇਂ ਅਹਿਮਦ ਸ਼ਾਹ ਅਬਦਾਲੀ ਦੁਆਰਾ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਸਰੋਵਰ ਦੀ ਕੀਤੀ ਗਈ ਬੇਅਦਬੀ ਦਾ ਬਦਲਾ ਬੜੀ ਬਹਾਦਰੀ ਅਤੇ ਵੀਰਤਾ ਦੇ ਨਾਲ ਬਾਬਾ ਦੀਪ ਸਿੰਘ ਜੀ ਨੇ ਆਪਣੇ ਸਾਥੀਆਂ ਦੇ ਨਾਲ ਦੇ ਨਾਲ ਲਿਆ ।



ਇਸ ਮੌਕੇ ਸੰਸਥਾ ਦੇ ਪ੍ਰਬੰਧਕ ਸ੍. ਗਗਨਦੀਪ ਸਿੰਘ ਵਿਰਕ ਜੀ ਨੇ ਬਾਬਾ ਦੀਪ ਸਿੰਘ ਜੀ ਨੂੰ ਨਤਮਸਤਕ ਹੁੰਦੇ ਹੋਏ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਸਾਨੂੰ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ ਕਿ ਸਾਨੂੰ ਵੀ ਆਪਣੇ ਅੰਦਰ ਸੂਰਮਗਤੀ ਦੇ ਨਾਲ ਨਾਲ ਸਾਹਿਤਿਕ ਅਤੇ ਧਾਰਮਿਕ ਪੱਖ ਵੀ ਮਜਬੂਤ ਕਰਨਾ ਚਾਹੀਦਾ ਹੈ। ਮੈਡਮ ਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਦੱਸਿਆ ਕਿ ਕਿਵੇਂ ਬਾਬਾ ਦੀਪ ਸਿੰਘ ਜੀ ਬਲਵਾਨ,ਯੋਧੇ, ਸੰਤ, ਸਿਪਾਹੀ ਸਨ , ਜਿੰਨਾ ਕਈ ਕਈ ਘੰਟੇ ਸ੍ਰੀ ਦਮਦਮਾ ਸਾਹਿਬ ਵਿਖੇ ਆਪਣੀ ਹੱਥ ਲਿਖਤ ਨਾਲ ਕਈ ਬੀੜਾਂ ਨੂੰ ਸੰਪੂਰਨ ਕੀਤਾ, ਇੱਥੇ ਹੀ ਉਹਨਾਂ ਨੇ ਉਨ੍ਹਾਂ ਵਿਦਿਆਰਥੀਆਂ ਨੂੰ ਵੀ ਵਧਾਈ ਦਿੱਤੀ ਜੋ ਹਰੇਕ ਐਤਵਾਰ ਆਪਣੇ ਪਿੰਡ ਦੇ ਗੁਰਦੁਆਰੇ ਸਾਹਿਬਾਂ ਦੇ ਵਿੱਚ ਪਾਠ ਕਰਕੇ ਬਾਬਾ ਦੀਪ ਸਿੰਘ ਜੀ ਨੂੰ ਯਾਦ ਕਰਦੇ ਹਨ। ਸਮਾਗਮ ਦੇ ਅੰਤ ਵਿੱਚ ਵਿਚਾਰਾਂ ਦੀ ਪੇਸ਼ਕਾਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਬਾਬਾ ਦੀਪ ਸਿੰਘ ਜੀ ਦੇ ਜੀਵਨ ਦੇ ਗੁਣ ਆਪਣੇ ਵਿੱਚ ਧਾਰਨ ਕਰਨ ਅਤੇ ਗੁਰਬਾਣੀ ਪੜ੍ਹਨ ਦਾ ਪ੍ਰਣ ਲਿਆ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਸੈਣੀ, ਕੋਡੀਨੇਟਰ ਸੁਖਦੀਪ ਕੌਰ ਰਿਆੜ, ਬਲਜੀਤ ਕੌਰ ਰਿਆੜ, ਹਰਕਿੰਦਰਬੀਰ ਸਿੰਘ,ਸੁਰਜੀਤ ਕੌਰ,ਪਵਨਦੀਪ ਕੌਰ,ਰੁਪਿੰਦਰਜੀਤ ਕੌਰ,ਸੁਮਨਦੀਪ ਕੌਰ ਅਤੇ ਸੁਖਮਨਪ੍ਰੀਤ ਕੌਰ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV






# ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਪੰਜਾਬ ਵਿਰੋਧੀ ਨੀਤੀਆਂ ਉਜਾਗਰ ਕਰੇਗੀ ਪੰਜਾਬ ਬਚਾਓ ਯਾਤਰਾ- ਸੁਖਬੀਰ ਸਿੰਘ ਬਾਦਲ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 27 ਜਨਵਰੀ (ਕੁਲਜੀਤ ਸਿੰਘ ਖੋਖਰ)**-ਇੱਕ ਫਰਵਰੀ ਤੋਂ ਅਟਾਰੀ ਤੋਂ ਸ਼ੁਰੂ ਹੋਣ ਵਾਲੀ ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਬਚਾਓ ਯਾਤਰਾ ਇਕ ਮਹੀਨੇ ਦੌਰਾਨ ਸੂਬੇ ਦੇ 43 ਸਰਕਲਾਂ ਵਿੱਚ ਪਹੁੰਚ ਕੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਪੰਜਾਬ ਵਿਰੋਧੀ ਨੀਤੀਆਂ ਉਜਾਗਰ ਕਰੇਗੀ ਅਤੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਹਿਤ ਵਿੱਚ ਕੀਤੇ ਕੰਮਾਂ ਬਾਰੇ ਲੋਕਾਂ ਨੂੰ ਦੱਸਿਆ ਜਾਵੇਗਾ । ਇਹ ਗੱਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅਕਾਲੀ ਦਲ ਦੇ ਜ਼ਲ੍ਹਿਾ ਪ੍ਰਧਾਨ ਅਤੇ ਸਾਬਕਾ ਮੁੱਖ ਸੰਸਦੀ ਸਕੱਤਰ ਗੁਰਬਚਨ ਸਿੰਘ ਬੱਬੇਹਾਲੀ ਦੇ ਗ੍ਰਹਿ ਵਿਖੇ ਕਹੀ ।ਪਾਰਟੀ ਦੀ ਮਜ਼ਬੂਤੀ ਲਈ ਸਰਦਾਰ ਬੱਬੇਹਾਲੀ ਨਾਲ ਵਿਚਾਰ ਚਰਚਾ ਦੌਰਾਨ ਉਨ੍ਹਾਂ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਅਤੇ ਮੌਜੂਦਾ 'ਆਪ' ਸਰਕਾਰ ਦੋਵਾਂ ਨੇ ਵਿਕਾਸ, ਰੁਜ਼ਗਾਰ, ਕਿਸਾਨਾਂ, ਵਪਾਰੀਆਂ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਹਾਲਤ ਸੁਧਾਰਨ ਵਿੱਚ ਨਾਕਾਮ ਰਹਿਣ ਤੋਂ ਇਲਾਵਾ ਸਾਰੇ ਵਾਅਦਿਆਂ ਤੋਂ ਮੁੱਕਰ ਕੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ ।ਯਾਤਰਾ ਦੌਰਾਨ ਰੋਜ਼ਾਨਾ ਦੋ ਸਰਕਲ ਕਵਰ ਕੀਤੇ ਜਾਣਗੇ ਅਤੇ ਲੋਕਾਂ ਤੋਂ ਕਾਂਗਰਸ ਅਤੇ 'ਆਪ' ਸਰਕਾਰਾਂ ਦੇ ਕੀਤੇ ਕੰਮਾਂ ਬਾਰੇ ਪੁੱਛਿਆ ਜਾਵੇਗਾ ।ਲੋਕਾਂ ਨੂੰ ਪਿਛਲੀਆਂ ਅਕਾਲੀ ਸਰਕਾਰਾਂ ਦੀ ਕਾਰਗੁਜ਼ਾਰੀ ਦੀ ਤੁਲਨਾ ਕਰਨ ਲਈ ਕਿਹਾ ਜਾਏਗਾ ।ਸਰਦਾਰ ਬਾਦਲ ਨੇ ਕਿਹਾ ਕਿ ਪਾਰਟੀ ਨੂੰ ਜੋ ਫੀਡ ਬੈਕ ਮਿਲੀ ਹੈ, ਉਸ ਅਨੁਸਾਰ, ਸਮਾਜ ਦਾ ਹਰ ਵਰਗ ਦੁਖੀ ਹੈ ਕਿਉਂਕਿ ਉਨ੍ਹਾਂ ਨੂੰ ਵਾਰ-ਵਾਰ ਫ਼ਸਲਾਂ ਦੀ ਖ਼ਰਾਬੀ ਦਾ ਮੁਆਵਜ਼ਾ ਨਹੀਂ ਮਿਲਿਆ ਅਤੇ ਕਮਜ਼ੋਰ ਵਰਗਾਂ ਦੇ ਸਮਾਜ ਭਲਾਈ ਲਾਭਾਂ ਵਿੱਚ ਕਟੌਤੀ ਕੀਤੀ ਗਈ ਹੈ ਅਤੇ ਸਰਕਾਰੀ ਭਰਤੀਆਂ ਵਿੱਚ ਬਾਹਰਲੇ ਲੋਕਾਂ ਨੂੰ ਸ਼ਾਮਲ ਕੀਤਾ ਗਿਆ ਹੈ । ਅਜਿਹਾ ਕਰਕੇ ਸੂਬੇ ਦੇ ਨੌਜਵਾਨਾਂ ਨੂੰ ਪਾਸੇ ਕਰ ਦਿੱਤਾ ਗਿਆ ਹੈ ।ਇਸ ਦੇ ਨਾਲ ਹੀ ਅਕਾਲੀ ਦਲ ਅਮਨ-ਕਾਨੂੰਨ ਦੀ ਬੁਰੀ ਹਾਲਤ ਅਤੇ ਗੈਂਗਸਟਰ ਕਲਚਰ ਦਾ ਵੀ ਪਰਦਾਫਾਸ਼ ਕਰੇਗਾ, ਜਿਸ ਕਾਰਨ ਨਿਵੇਸ਼ਕ ਪੰਜਾਬ ਤੋਂ ਭੱਜ ਰਹੇ ਹਨ ।ਆਪ ਵਿਧਾਇਕਾਂ ਅਤੇ ਮੰਤਰੀਆਂ ਵੱਲੋਂ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਗੈਰ-ਕਾਨੂੰਨੀ ਰੇਤ ਦੀ ਮਾਈਨਿੰਗ ਦੇ ਨਾਲ-ਨਾਲ 'ਆਪ' ਵਿਧਾਇਕਾਂ ਵੱਲੋਂ ਨਸ਼ਾ ਤਸਕਰਾਂ ਨੂੰ ਦਿੱਤੀ ਸੁਰੱਖਿਆ ਦੇ ਮੁੱਦਾ ਦੇ ਨਾਲ ਹੀ ਭ੍ਰਿਸ਼ਟਾਚਾਰ, ਸਿਆਸੀ ਬਦਲਾਖੋਰੀ ਅਤੇ ਪੰਜਾਬ ਦੇ ਦਰਿਆਈ ਪਾਣੀਆਂ ਅਤੇ ਸੂਬੇ ਦੀ ਰਾਜਧਾਨੀ ਸਮੇਤ ਪੰਜਾਬ ਦੇ ਮਸਲਿਆਂ 'ਤੇ 'ਆਪ' ਸਰਕਾਰ ਵੱਲੋਂ ਮੁਕੰਮਲ ਸਮਰਪਣ ਸਮੇਤ ਹੋਰ ਮੁੱਦੇ ਵੀ ਉਠਾਏ ਜਾਣਗੇ । ਸਰਦਾਰ ਗੁਰਬਚਨ ਸਿੰਘ ਬੱਬੇਹਾਲੀ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਅਕਾਲੀ ਦਲ ਵੇਲੇ ਦੀ ਸਰਕਾਰ ਦਾ ਫ਼ਰਕ ਲੋਕ ਵੇਖ ਚੁੱਕੇ ਹਨ ਅਤੇ ਇਸ ਸਰਕਾਰ ਨੂੰ ਸੱਤਾ ਦੇ ਕੇ ਹੁਣ ਪਛਤਾ ਰਹੇ ਹਨ । ਕਾਂਗਰਸ ਦੀਆਂ ਨੀਤੀਆਂ ਨੇ ਵੀ ਪੰਜਾਬ ਦਾ ਬੇੜਾ ਡੋਬਣ ਵਿੱਚ ਕੋਈ ਕਸਰ ਨਹੀਂ ਛੱਡੀ ।ਅਕਾਲੀ ਦਲ ਨੂੰ ਲੋਕਾਂ ਦਾ ਫ਼ਤਵਾ ਮਿਲ ਰਿਹਾ ਹੈ । ਇਸ ਮੌਕੇ ਨੌਜਵਾਨ ਅਕਾਲੀ ਨੇਤਾ ਐਡਵੋਕੇਟ ਅਮਰਜੋਤ ਸਿੰਘ ਬੱਬੇਹਾਲੀ, ਨਗਰ ਸੁਧਾਰ ਟਰੱਸਟ, ਗੁਰਦਾਸਪੁਰ ਦੇ ਸਾਬਕਾ ਚੇਅਰਮੈਨ ਸਤੀਸ਼ ਕੁਮਾਰ ਡਿੰਪਲ, ਨਿਤਿਨ ਸ਼ਰਮਾ ਵੀ ਮੌਜੂਦ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV



☛ ਗੁਰਬਚਨ ਸਿੰਘ ਬੱਬੇਹਾਲੀ ਦੇ ਗ੍ਰਹਿ ਵਿਖੇ ਕੀਤਾ ਗਿਆ ਵਿਚਾਰ ਵਟਾਂਦਰਾ

ਪੰਥਕ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





### ਖ਼ੂਨਦਾਨ ਕੈਂਪਾਂ ਦੇ ਵਿੱਚ ਯੋਗਦਾਨ ਪਾਉਣ ਬਦਲੇ

# ਪੱਤਰਕਾਰ ਵਿਜੈ ਕੁਮਾਰ ਸਿੰਗਲਾ ਦਾ 26 ਜਨਵਰੀ ਤੇ ਕੀਤਾ ਸਨਮਾਨ



**ਬਰਨਾਲਾ / ਸ਼ੇਰਪੁਰ ( ਭਾਨ ਸਿੰਘ ਜੱਸੀ ) : 27 ਜਨਵਰੀ** -ਸੰਗਰੂਰ ਵਿਖੇ ਪੁਲਸ ਲਾਈਨ ਸਟੇਡੀਅਮ ਵਿੱਚ ਮਨਾਏ ਗਏ ਗਣਤੰਤਰ ਦਿਵਸ ਮੌਕੇ ਲਾਇਨਜ਼ ਕਲੱਬ ਸ਼ੇਰਪੁਰ ਦੇ ਲਾਇਨ ਮੈਂਬਰ ਵਿਜੈ ਕੁਮਾਰ ਸਿੰਗਲਾ ਮੈਂਬਰ ਪ੍ਰੈਸ ਕਲੱਬ ਸ਼ੇਰਪੁਰ ਨੂੰ ਖ਼ੂਨਦਾਨ ਕੈਂਪ, ਮੈਡੀਕਲ ਕੈਂਪ, ਮੁਫਤ ਅੱਖਾਂ ਦੇ ਅਪਰੇਸ਼ਨ ਕੈਂਪ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਯੋਗਦਾਨ ਬਦਲੇ ਸ੍ਰੀ ਲਾਲਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਵੱਲੋਂ ਜਿਲਾ ਪੱਧਰੀ ਐਵਾਰਡ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ, ਐਸ. ਐਸ. ਪੀ ਸੰਗਰੂਰ ਸਰਤਾਜ ਸਿੰਘ ਚਾਹਲ, ਵਿਧਾਨ ਸਭਾ ਹਲਕਾ ਸੰਗਰੂਰ ਦੇ ਵਿਧਾਇਕ ਬੀਬਾ ਨਰਿੰਦਰ ਕੌਰ ਭਰਾਜ, ਦੇਵਦਰਸ਼ਦੀਪ ਸਿੰਘ ਪੀਸੀਐਸ ਸਹਾਇਕ ਕਮਿਸ਼ਨਰ (ਜਰਨਲ) ਸੰਗਰੂਰ, ਵਿਧਾਨ ਸਭਾ ਹਲਕਾ ਲਹਿਰਾਗਾਗਾ ਤੋਂ ਵਿਧਾਇਕ ਐਡਵੋਕੇਟ ਬਰਿੰਦਰ ਗੋਇਲ, ਇੰਪਰੂਵਮੈਂਟ ਟਰੱਸਟ ਸੰਗਰੂਰ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ ਸਰਪੰਚ, ਮਾਰਕੀਟ ਕਮੇਟੀ ਸੰਗਰੂਰ ਦੇ ਚੇਅਰਮੈਨ ਅਵਤਾਰ ਸਿੰਘ ਈਲਵਾਲ, ਜਿਲਾ ਯੋਜਨਾ ਬੋਰਡ ਸੰਗਰੂਰ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ ਹਾਜ਼ਰ ਸਨ। ਪੰਚਾਇਤ ਯੂਨੀਅਨ ਸੰਗਰੂਰ ਦੇ ਪ੍ਰਧਾਨ ਸਰਦਾਰ ਜਸਵੀਰ ਸਿੰਘ , ਪੰਜਾਬੀ ਸੱਭਿਆਚਾਰਕ ਸੱਥ ( ਪੰਜਾਬ ) ਦੇ ਆਗੂ ਮੁਲਖਾ ਸਿੰਘ ਕੁਨਰ , ਨੌਜਵਾਨ ਆਗੂ ਗੁਰਪ੍ਰੀਤ ਸਿੰਘ ਖੇੜੀ , ਸਟੇਟ ਅਵਾਰਡੀ , ਸਮਾਜ ਸੇਵੀ , ਭਾਨ ਸਿੰਘ ਜੱਸੀ ( ਜੱਸੀ ਪੇਧਨੀ ) ਆਦਿ ਸ਼ਖਸੀਅਤਾਂ ਵੱਲੋਂ ਪੱਤਰਕਾਰ ਵਿਜੇ ਕੁਮਾਰ ਸਿੰਗਲਾ ਨੂੰ ਸਨਮਾਨ ਮਿਲਣ ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਾਸਤਰੀ ਸੰਗੀਤ ਪ੍ਰੋਗਰਾਮ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ



ਚੌਕ ਮਹਿਤਾ, 28ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ) ਤਾਲੀਮ ਮਿਊਜ਼ਕਿ ਅਕੈਡਮੀ,ਅੰਮ੍ਰਿਤਸਰ ਵਿਖੇ ਬਸੰਤ ਉਤਸਵ ਦੇ ਤਹਿਤ ਸ਼ਾਸਤਰੀ ਸੰਗੀਤ ਦਾ ਪ੍ਰੋਗਰਾਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਮਾਤਾ ਸਰਸਵਤੀ ਦੀ ਪੂਜਾ ਅਰਚਨਾ ਕੀਤੀ ਗਈ। ਪਟਿਆਲਾ ਤੋਂ ਆਏ ਮੁੱਖ ਕਲਾਕਾਰ ਡਾ.ਅਲੰਕਾਰ ਸਿੰਘ ਜੀ ਨੇ ਪ੍ਰੋਗਰਾਮ ਦੀ ਸ਼ੁਰੂਆਤ ਰਾਗ ਪੂਰੀਆ ਧਨਾਸਰੀ ਤੋਂ ਕਰਦੇ ਹੋਏ,ਰਾਗ ਬਸੰਤ,ਅਤੇ ਰਾਗ ਮਾਰਵਾ ਵਿੱਚ ਗਾਇਨ ਕਰਕੇ ਮਾਹੌਲ ਨੂੰ ਸੰਗੀਤਮਈ ਬਣਾ ਦਿੱਤਾ, ਉਪਰੰਤ ਗੁਰਬਾਣੀ ਸ਼ਬਦ ਦਾ ਗਾਇਨ ਕੀਤਾ। ਅਕੈਡਮੀ ਦੇ ਸਰਪ੍ਰਸਤ ਸ਼੍ਰੀ ਅਸ਼ੋਕ ਕੁਮਾਰ ਦੀਆਂ ਤਬਲੇ ਤੇ ਥਿਰਕਦੀਆਂ ਉਂਗਲੀਆਂ ਨੇ ਸ਼ਰੋਤਿਆਂ ਨੂੰ ਝੂਮਣ ਤੇ ਮਜਬੂਰ ਕਰਕੇ ਪ੍ਰੋਗਰਾਮ ਨੂੰ ਯਾਦਗਾਰ ਬਣਾ ਦਿੱਤਾ।ਹਰਮੋਨੀਅਮ ਤੇ ਸ.ਰਵਿੰਦਰ ਸਿੰਘ ਅਤੇ ਸ.ਦਿਲਦੀਪ ਸਿੰਘ ਜੀ ਨੇ ਬਾਖ਼ੂਬੀ ਸਾਥ ਨਿਭਾਇਆ। ਭਾਈ ਸਾਹਿਬ ਗਿਆਨੀ ਭੁਪਿੰਦਰ ਸਿੰਘ ਜੀ,'ਕਥਾ ਵਾਚਕ' ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸ਼੍ਰੀ ਅਸ਼ੋਕ ਕੁਮਾਰ ਨੇ ਆਏ ਹੋਏ ਕਲਾਕਾਰਾਂ ਅਤੇ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕਰਕੇ ਸਨਮਾਨਿਤ ਕੀਤਾ। ਪ੍ਰੋਗ੍ਰਾਮ ਦਾ ਸੰਚਾਲਨ ਰੂਪਮ ਭਰਨਾੜੀਆ ਨੇ ਕੀਤਾ।ਪ੍ਰੋਗਰਾਮ ਵਿੱਚ ਅਕੈਡਮੀ ਦੇ ਹਰਮਨਜੀਤ ਸਿੰਘ, ਹਰਮਨਦੀਪ ਸਿੰਘ, ਹਰਮੰਦਰ ਸਿੰਘ, ਅਕਾਸ਼ਦੀਪ ਸਿੰਘ, ਹਰਜੋਤ ਸਿੰਘ ਖਾਲਸਾ ,ਸਨਮਪ੍ਰੀਤ ਸਿੰਘ ਤੋਂ ਅਲਾਵਾ ਕਈ ਪਤਵੰਤੇ ਸੱਜਣ ਹਾਜ਼ਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV




ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਯੋਗ ਅਗੁਵਾਈ ਹੇਠ ਜੂਨ 1984 ਦੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿਚ 40ਵੀਂ ਸ਼ਹੀਦੀ ਵਰ੍ਹੇਗੰਢ ਮਿਤੀ 6 ਜੂਨ 2024 ਨੂੰ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਜਥਾ ਭਿੰਡਰਾਂ-ਮਹਿਤਾ) ਅੰਮ੍ਰਿਤਸਰ ਸਾਹਿਬ ਵਿਖੇ ਮੁਖ ਰੂਪ ਵਿੱਚ ਮਨਾਈ ਜਾਵੇਗੀ ਉੱਥੇ ਹੀ ਵਿਸੇਸ਼ ਰੂਪ ਵਿਚ ਵਿਦੇਸ਼ਾਂ ਵਿੱਚ ਵੀ ਖਾਸ ਕਰਕੇ ਇੰਗਲੈਂਡ ਦੀ ਧਰਤੀ ਤੇ ਮਿਤੀ 21-22-23 ਜੂਨ 2024 ਨੂੰ ਗੁਰਦੁਆਰਾ ਗਰੀਬ ਨਿਵਾਜ, Springfield road hayes, ub4,olp ਵਿਖੇ ਬੜ੍ਹੀ ਚੜ੍ਹਦੀਕਲਾ ਨਾਲ ਮਨਾਈ ਜਾ ਰਹੀ ਹੈ ਸਮੂਹ ਸੰਗਤਾਂ ਨੇ ਇਹਨਾਂ 40ਵੇਂ ਸ਼ਹੀਦੀ ਸਮਾਗਮਾਂ ਵਿਚ ਤਨ ਮਨ ਧਨ ਨਾਲ ਹਾਜਰੀ ਭਰਨ ਦੀ ਕਿਰਪਾਲਤਾ ਕਰਨੀ ਅਤੇ ਸ਼ਹੀਦਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

## ਅਤਲਾ ਖੁਰਦ ਵਿਖੇ ਮਨਾਇਆ ਗਿਆ

# ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ : ਅਤਲਾ

### ਕਿਸਾਨ ਸਘੰਰਸ਼ ਵਿੱਚ ਪਾਏ ਯੋਗਦਾਨ ਲਈ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਦੇ ਮਾਤਾ ਪਿਤਾ ਦਾਂ ਵਿਸ਼ੇਸ਼ ਸਨਮਾਨ ਕੀਤਾ ਗਿਆ















**ਮਾਨਸਾ, 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਹਰ ਸਾਲ ਦੀ ਤਰ੍ਹਾਂ ਪਿੰਡ ਅਤਲਾ ਖੁਰਦ ਵੱਡਾ ਗੁਰੂਦਵਾਰਾ ਸਾਹਿਬ ਵਿਖੇ ਮਨਾਇਆ ਗਿਆ ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ੌਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਦੇ ਮੈਂਬਰ ਪੀਏਸੀ ਕੌਮੀ ਜਨਰਲ ਸਕੱਤਰ ਕਿਸਾਨ ਯੂਨੀਅਨ ਅੰਮ੍ਰਿਤਸਰ ਦੇ ਕੌਮੀ ਜਨਰਲ ਸਕੱਤਰ ਭਾਈ ਸੁਖਚੈਨ ਸਿੰਘ ਅਤਲਾ ਅਤੇ ਬੀਬੀ ਸੁਖਜੀਤ ਕੌਰ ਅਤਲਾ ਪ੍ਰਧਾਨ ਮਾਲਵਾ ਜੋਨ ਇਸਤਰੀ ਦਲ ਸ਼ੌਮਣੀ ਅਕਾਲੀ ਦਲ ਅੰਮ੍ਰਿਤਸਰ ( ਫਤਿਹ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਵੇਰੇ 9 ਵਜੇ ਸ਼੍ਰੀ ਸਹਿਜ ਪਾਠ ਜੀ ਭੋਗ ਪੈਣ ਉਪਰੰਤ ਬਾਬਾ ਅਮ੍ਰਿਤਪਾਲ ਸਿੰਘ ਭੀਖੀ ਵਾਲੇ ਧਾਰਮਿਕ ਦਿਵਾਨ ਸਜਾਏ ਇਸ ਮੌਕੇ ਸਿੱਖ ਸਘੰਰਸ਼ ਵਿੱਚ ਯੋਗਦਾਨ ਪਾਉਣ ਵਾਲੇ ਅਤੇ ਕਿਸਾਨ ਸਘੰਰਸ਼ ਵਿੱਚ ਪਾਏ ਯੋਗਦਾਨ ਲਈ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਦੇ ਮਾਤਾ ਪਿਤਾ ਦਾਂ ਵਿਸ਼ੇਸ਼ ਸਨਮਾਨ ਕੀਤਾ ਗਿਆ ਲੰਗਾਰ ਦੀ ਸੇਵਾ ਮਨਪ੍ਰੀਤ ਕੌਰ ਕਨੇਡਾ ਵੱਲੋਂ ਕੀਤੀ ਗਈ ਇਸ ਮੌਕੇ ਸਿੱਖ ਕੌਮ ਦੀ ਮਹਾਨ ਸ਼ਖ਼ਸੀਅਤ ਸ੍ਰ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਕੌਮੀ ਪ੍ਰਧਾਨ ਸ਼ੌਮਣੀ ਅਕਾਲੀ ਦਲ ਅੰਮ੍ਰਿਤਸਰ (ਫਤਹਿ) ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਸ੍ਰ ਦਲੇਰ ਸਿੰਘ ਡੋਡ ਸ੍ਰ ਗੁਰਦੀਪ ਸਿੰਘ ਬਠਿੰਡਾ ਸ੍ਰ ਜਸਵੰਤ ਸਿੰਘ ਚੀਮਾ ਸੀਨੀਅਰ ਮੀਤ ਪ੍ਰਧਾਨ ਸ੍ਰ ਅਮ੍ਰਿਤਪਾਲ ਸਿੰਘ ਸਿੱਧੂ ਲੋਂਗੋਵਾਲ ਸੀਨੀਅਰ ਮੀਤ ਪ੍ਰਧਾਨ ਸ੍ਰ ਦਰਸ਼ਨ ਸਿੰਘ ਮਾਣੂੰਕੇ ਸ੍ਰ ਰਮਿੰਦਰਜੀਤ ਸਿੰਘ ਮਿੰਟੂ ਯੂ ਐਸ ਏ ਬਾਬਾ ਸਤਨਾਮ ਸਿੰਘ ਦਿਆਲਪੁਰਾ ਮਿਰਜ਼ਾ ਪ੍ਰਧਾਨ ਧਾਰਮਿਕ ਵਿੰਗ ਆਦਿ ਆਗੂਆਂ ਨੇ ਬਾਬਾ ਦੀਪ ਸਿੰਘ ਜੀ ਦੇ ਪਾਏ ਹੋਏ ਪੂਰਨਿਆਂ ਤੇ ਚੱਲਣ ਲਈ ਸੰਦੇਸ਼ ਦਿੱਤਾ ਇਸ ਮੌਕੇ ਸੁਬੇਦਾਰ ਜਗਦੇਵ ਸਿੰਘ ਰਾਏਪੁਰ ਗੁਰਪ੍ਰੀਤ ਸਿੰਘ ਗੁਰੀ ਅਤਲਾ ਸ੍ਰ ਬਲਦੇਵ ਸਿੰਘ ਸਾਹਨੇਵਾਲੀ ਜ਼ਿਲ੍ਹਾ ਪ੍ਰਧਾਨ ਮਨੀ ਰੁੜਕੇ ਮਿੰਟੂ ਦੀਪ ਸਿੰਘ ਵਾਲਾ ਸੁਖਰਾਜ ਸਿੰਘ ਅਤਲਾ ਸ੍ਰ ਜਸਪਾਲ ਸਿੰਘ ਭੋਲਾ ਪੰਚ ਜਸਵੰਤ ਸਿੰਘ ਧਰਮੀ ਫੌਜੀ ਕੁਲਵਿੰਦਰ ਸਿੰਘ ਕਿੰਦਾ ਮਾਣੂੰਕੇ ਅਮਰੀਕ ਸਿੰਘ ਅਤਲਾ ਸੋਨੀ ਸਿੰਘ ਭੋਤਨਾ ਗੋਪਾਲ ਸਿੰਘ ਭੀਖੀ ਜੱਥੇਦਾਰ ਹਿੰਮਤ ਸਿੰਘ ਅਤਲਾ ਬਾਬਾ ਪ੍ਰਦੀਪ ਸਿੰਘ ਢੈਪਈ ਗੁਰਮੀਤ ਸਿੰਘ ਅਤਲਾ ਖੁਸ਼ਪ੍ਰੀਤ ਸਿੰਘ ਫਰਵਾਹੀ ਜਸਪ੍ਰੀਤ ਸਿੰਘ ਫਰਵਾਹੀ ਲਵਪ੍ਰੀਤ ਸਿੰਘ ਭਾਦੜਾਂ ਗੱਲੀ ਅਤਲਾ ਗੁਰਦਿੱਤ ਸਿੰਘ ਅਤਲਾ ਕਾਲਾ ਸਿੰਘ ਅਤਲਾ ਸ਼ੌਂਦਿਰਪਾਲ ਸਿੰਘ ਅਤਲਾ ਅਤੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਰੇਸ਼ਮ ਸਿੰਘ ਜੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬਠਿੰਡੇ ਜ਼ਿਲ੍ਹੇ 'ਚ ਧਾਰਾ 144 ਤਹਿਤ ਵੱਖ-ਵੱਖ ਪਾਬੰਦੀਆਂ ਲਾਗੂ- ਜ਼ਿਲ੍ਹਾ ਮੈਜਿਸਟ੍ਰੇਟ

## ☛ ਹੁਕਮ 23 ਮਾਰਚ 2024 ਤੱਕ ਰਹਿਣਗੇ ਲਾਗੂ



**ਬਠਿੰਡਾ, 28 ਜਨਵਰੀ (ਗੁਰਜੰਟ ਸਿੰਘ ਨਥੇਹਾ)-** ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਲ੍ਹਿੇ ਦੀ ਹਦੂਦ ਅੰਦਰ ਵੱਖ-ਵੱਖ ਪਾਬੰਦੀ ਸਬੰਧੀ ਹੁਕਮ ਜਾਰੀ ਕੀਤੇ ਹਨ।ਹੁਕਮ ਅਨੁਸਾਰ ਜ਼ਲ੍ਹਿਾ ਮੈਜਿਸਟ੍ਰੇਟ ਨੇ ਜ਼ਲ੍ਹਿੇ ਅੰਦਰ ਉਲਾਈਵ ਗਰੀਨ ਰੰਗ ਦੀ ਮਿਲਟਰੀ ਵਰਦੀ ਤੇ ਉਲਾਈਵ ਗਰੀਨ ਰੰਗ (ਮਿਲਟਰੀ ਰੰਗ) ਦੀਆਂ ਜੀਪਾਂ/ਮੋਟਰਸਾਈਕਲਾਂ/ਮੋਟਰ ਗੱਡੀਆਂ ਦੀ ਵਰਤੋਂ ਦੀ ਮਨਾਹੀ ਕੀਤੀ ਹੈ।ਜ਼ਲ੍ਹਿਾ ਮੈਜਿਸਟ੍ਰੇਟ ਨੇ ਇੱਕ ਹੋਰ ਹੁਕਮ ਅਨੁਸਾਰ ਪੰਜਾਬ ਵਿਲੇਜ ਤੇ ਸਮਾਲ ਟਾਊਨ ਕੰਟਰੋਲ ਐਕਟ 1918 ਦੀ ਧਾਰਾ 3 ਸਬ-ਸੈਕਸ਼ਨ 1 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਲ੍ਹਿੇ ਅੰਦਰ ਪਿੰਡ, ਰੇਲਵੇ ਟਰੈਕ, ਸੂਏ ਤੇ ਨਹਿਰਾਂ ਦੇ ਪੁਲ, ਨਹਿਰਾਂ, ਜਨ-ਨਿਕਾਸ ਦੇ ਨਾਲਿਆਂ ਅਤੇ ਸੂਏ/ਰਜਵਾਹੇ, ਆਇਲ ਪਾਈਪ ਲਾਈਨਜ਼ ਆਦਿ ਨਾਲ ਲਗਦੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਸਾਰੇ ਬਾਲਗ ਆਦਮੀ ਸਾਰੇ ਪਿੰਡਾਂ, ਰੇਲ ਪਟੜੀਆਂ, ਜਲ ਸਪਲਾਈ ਸਕੀਮਾਂ, ਨਹਿਰਾਂ, ਜਲ ਨਿਕਾਸ ਦੇ ਨਾਲਿਆਂ ਅਤੇ ਸੂਏ ਟੁੱਟਣ ਤੋਂ ਬਚਾਉਣ ਲਈ ਠੀਕਰੀ ਪਹਿਰਾ ਰਾਖੀ ਦੀ ਡਿਊਟੀ ਨਿਭਾਉਣਗੇ। ਹੋਰ ਹੁਕਮ ਰਾਹੀਂ ਜ਼ਲ੍ਹਿਾ ਮੈਜਿਸਟ੍ਰੇਟ ਨੇ ਜ਼ਲ੍ਹਿੇ 'ਚ ਮੌਜੂਦ ਹਵਾਈ ਅੱਡੇ ਦੇ ਘੇਰੇ ਤੋਂ ਦੋ ਕਿਲੋਮੀਟਰ ਅੰਦਰ ਲਾਲਟੇਨ ਪਤੰਗਾਂ, ਇੱਛਾ ਪਤੰਗਾਂ ਆਦਿ ਦੀ ਵਰਤੋਂ 'ਤੇ ਪੂਰਨ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰੀ ਹਵਾਬਾਜ਼ੀ ਮੰਤਰਾਲਾ, ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲਾਲਟੇਨ ਪਤੰਗਾਂ, ਇੱਛਾ ਪਤੰਗਾਂ ਦੀ ਵਰਤੋਂ ਹਵਾਈ ਜਹਾਜ਼ਾਂ ਦੇ ਉਤਰਨ ਤੇ ਚੜਨ ਸਮੇਂ ਦੌਰਾਨ ਕੰਮ-ਕਾਜ ਅਤੇ ਸੁਰੱਖਿਆ ਲਈ ਖਤਰਾ ਪੈਦਾ ਕਰਦੀਆਂ ਹਨ। ਅਗਲੇ ਹੁਕਮ ਅਨੁਸਾਰ ਟ੍ਰੈਫਕਿ ਦੀ ਸਮੱਸਿਆ ਨੂੰ ਵੇਖਦਿਆਂ ਹੋਇਆ ਤੰਗ ਥਾਵਾਂ 'ਤੇ ਟਰੱਕ ਖੜ੍ਹਾ ਕਰਨ ਦੀ ਸਖ਼ਤ ਮਨਾਹੀ ਕੀਤੀ ਹੈ। ਜਾਰੀ ਆਦੇਸ਼ਾਂ 'ਚ ਉਨਾਂ ਕਿਹਾ ਕਿ ਬਹੁ-ਮੰਤਵੀ ਖੇਡ ਸਟੇਡੀਅਮ ਕੋਲ ਟਰੱਕ ਖੜ੍ਹੇ ਹੋਣ ਕਾਰਨ ਐਮ.ਐਸ.ਡੀ. ਸਕੂਲ ਅਤੇ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਬੱਚਿਆਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨਾਂ ਟਰੱਕਾਂ ਕਰਕੇ ਸਕੂਲਾਂ ਦੀਆਂ ਵੈਨਾਂ, ਬੱਸਾਂ, ਰਿਕਸ਼ੇ ਆਦਿ ਦਾ ਐਕਸੀਡੈਂਟ ਹੋਣ ਦਾ ਖਦਸ਼ਾ ਰਹਿੰਦਾ ਹੈ।ਇਨ੍ਹਾਂ ਗੱਲਾਂ ਨੂੰ ਧਿਆਨ 'ਚ ਰੱਖਦੇ ਹੋਏ ਹਨੂਮਾਨ ਚੌਂਕ ਦੇ ਆਸ-ਪਾਸ ਗੋਨਿਆਣਾ ਰੋਡ ਅਤੇ ਖੇਡ ਸਟੇਡੀਅਮ ਰੋਡ 'ਤੇ ਟਰੱਕ ਖੜ੍ਹਾ ਕਰਨ ਦੀ ਸਖ਼ਤ ਮਨਾਹੀ ਕੀਤੀ ਹੈ। ਇਨਾਂ ਇਲਾਕਿਆਂ 'ਚ ਸਵੇਰੇ 6 ਵਜੇ ਤੋਂ 9 ਵਜੇ ਤੱਕ ਅਤੇ ਦੁਪਹਿਰ 1 ਤੋਂ 3 ਵਜੇ ਤੱਕ ਕਿਸੇ ਵੀ ਟਰੱਕ ਨੂੰ ਚਲਣ ਦੀ ਪ੍ਰਵਾਨਗੀ ਨਹੀਂ ਦਿੱਤੀ ਜਾਵੇਗੀ।ਉਨਾਂ ਐਮ.ਐਸ.ਡੀ. ਸਕੂਲ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਪ੍ਰਿੰਸੀਪਲ ਨੂੰ ਨਿਰਦੇਸ਼ ਦਿੱਤੇ ਕਿ ਛੁੱਟੀ ਸਮੇਂ ਆਪਣੇ ਵਿਦਿਆਰਥੀਆਂ ਨੂੰ ਸਕੂਲ ਦੇ ਕੰਪਾਊਂਡ ਵਿਚੋਂ ਹੀ ਰਿਕਸ਼ਾ, ਗੱਡੀ ਆਦਿ ਵਿਚ ਸੁਰੱਖਿਅਤ ਰੂਪ ਵਿਚ ਚੜ੍ਹਾਉਣਗੇ। ਉਨਾਂ ਕਿਹਾ ਕਿ ਸਕੂਲ ਤੋਂ ਛੁੱਟੀ ਸਮੇਂ ਬੱਚਿਆਂ ਨੂੰ ਲੈਣ ਆਉਣ ਵਾਲੇ ਰਿਕਸ਼ਾ ਅਤੇ ਗੱਡੀਆਂ ਸਕੂਲ ਦੇ ਬਾਹਰ ਸੜਕ ਜਾਂ ਸੜਕ ਦੇ ਕਿਨਾਰੇ ਪਾਰਕ ਨਹੀਂ ਕੀਤੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਜ਼ਲ੍ਹਿਾ ਮੈਜਿਸਟ੍ਰੇਟ ਨੇ ਜਾਰੀ ਹੁਕਮ ਅਨੁਸਾਰ ਮਿੰਨੀ ਸਕੱਤਰੇਤ, ਬਠਿੰਡਾ ਵਿਚ ਕਾਗਜ਼ ਅਤੇ ਹੋਰ ਕੂੜਾ-ਕਰਕਟ ਨੂੰ ਉਸ ਦੀ ਸਹੀ ਥਾਂ 'ਤੇ ਸੁਟਵਾਉਣ ਦੀ ਹਦਾਇਤ ਕੀਤੀ ਹੈ। ਹੁਕਮ ਮੁਤਾਬਕ ਬੀੜੀ, ਪਾਨ, ਜਰਦਾ ਅਤੇ ਜਰਦੇ ਵਾਲੇ ਗੁਟਖੇ, ਸਿਗਰਟ ਦੇ ਟੋਟੇ ਜਾਂ ਹੋਰ ਗੰਦ ਮਿੰਨੀ ਸਕੱਤਰੇਤ ਦੀ ਇਮਾਰਤ ਦੇ ਅੰਦਰ ਨਾ ਸੁੱਟਿਆ ਜਾਵੇ।

ਇੱਕ ਹੋਰ ਹੁਕਮ ਅਨੁਸਾਰ ਪੰਜਾਬ ਜੇਲ੍ਹ ਰੂਲਜ਼, 2022 ਤਹਿਤ ਜੇਲ੍ਹਾ ਵਿੱਚ ਲਾਗੂ ਹੋਣ ਵਾਲੇ ਕਿਸੇ ਹੋਰ ਕਾਨੂੰਨ ਦੇ ਅਧੀਨ ਕੇਂਦਰੀ ਜੇਲ੍ਹ ਬਠਿੰਡਾ ਅੰਦਰ ਗੈਰ ਕਾਨੂੰਨੀ ਅਪਰਾਧਿਕ ਗਤੀਵਿਧੀਆਂ ਅਤੇ ਅਜਿਹੀਆਂ ਪਾਬੰਦੀਸ਼ੁਦਾ ਵਸਤੂਆਂ ਰੱਖਣ 'ਤੇ ਪੂਰਨ ਰੋਕ ਲਗਾਈ ਜਾਂਦੀ ਹੈ। ਜਾਰੀ ਹੁਕਮਾਂ ਅਨੁਸਾਰ ਸਿਵਲ ਏਅਰਪੋਰਟ ਵਿਰਕ ਕਲਾਂ, ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਰਾਮਾਂ, ਨੈਸ਼ਨਲ ਫਰਟੀਲਾਈਜ਼ਰ ਲਿਮਟਿਡ ਬਠਿੰਡਾ, ਆਈ.ਓ.ਸੀ.ਐਲ, ਬੀ.ਪੀ.ਸੀ.ਐਲ., ਐਚ.ਪੀ.ਸੀ.ਐਲ., ਬਲਕ ਪੀ.ਓ.ਐਲ ਟਰਮੀਨਲ ਫੂਸ ਮੰਡੀ ਮਾਨਸਾ ਰੋਡ ਬਠਿੰਡਾ ਦੇ ਆਸ-ਪਾਸ ਦੇ ਖੇਤਰ 'ਚ ਡਰੋਨ ਕੈਮਰਾ ਚਲਾਉਣ/ਉਡਾਉਣ 'ਤੇ ਪਾਬੰਦੀ ਲਗਾਈ ਗਈ ਹੈ।ਅਗਲੇ ਹੁਕਮਾਂ ਅਨੁਸਾਰ ਏਅਰ ਫ਼ੋਰਸ, ਭਿਸੀਆਣਾ ਹਵਾਈ ਅੱਡੇ ਦੇ ਬਾਹਰ 100 ਗਜ ਖੇਤਰ ਦੀ ਹਦੂਦ ਅੰਦਰ ਪੁਲਿਸ ਵੈਰੀਫਿਕੇਸ਼ਨ ਕਰਵਾਏ ਤੋਂ ਬਿਨਾਂ ਲੋਕਾਂ ਵਲੋਂ ਦੁਕਾਨਾਂ ਬਣਾਕੇ ਕਾਰੋਬਾਰ ਕਰਨ 'ਤੇ ਪਾਬੰਦੀ ਲਗਾਈ ਹੈ।

ਜਾਰੀ ਹੁਕਮ ਅਨੁਸਾਰ ਸ਼ਡਿਊਲ 'ਐਕਸ' ਤੇ 'ਐਚ' ਦਵਾਈਆਂ ਵੇਚਣ ਵਾਲੇ ਮੈਡੀਕਲ ਸਟੋਰਾਂ 'ਤੇ ਸੀਸੀਟੀਵੀ ਕੈਮਰੇ ਲਗਾਉਣ ਲਈ ਹਦਾਇਤ ਕੀਤੀ। ਹੁਕਮ ਅਨੁਸਾਰ ਜ਼ਲ੍ਹਿੇ ਦੀਆਂ ਸਾਰੀਆਂ ਮੈਡੀਕਲ/ਕੈਮਿਸਟ/ਫਾਰਮੇਸੀ ਦੀਆਂ ਦੁਕਾਨਾਂ, ਡਰੱਗਜ਼ ਐਂਡ ਕਾਸਮੈਟਿਕਸ ਰੂਲਜ਼ 1945 ਦੇ ਨਿਯਮ 9 ਦੇ ਅਨੁਸਾਰ ਸ਼ਡਿਊਲ 'ਐਕਸ' ਅਤੇ 'ਐੱਚ' ਦਵਾਈਆਂ ਦੀ ਵਿਕਰੀ ਕਰਦੀਆਂ ਹਨ, ਉਨ੍ਹਾਂ ਦੁਕਾਨਾਂ ਦੇ ਬਾਹਰ ਤੇ ਅੰਦਰ ਸੀ.ਸੀ.ਟੀ.ਵੀ. ਕੈਮਰੇ ਲਗਾਉਣੇ ਯਕੀਨੀ ਬਣਾਉਣ।ਹੁਕਮ ਅਨੁਸਾਰ ਅਜਿਹੇ ਮੈਡੀਕਲ/ਕੈਮਿਸਟ/ਫਾਰਮੇਸੀ ਦੁਕਾਨਾਂ ਦੇ ਮਾਲਕਾਂ ਨੂੰ ਸੀਸੀਟੀਵੀ ਕੈਮਰੇ ਲਗਾਉਣ ਲਈ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਹੈ। ਜਾਰੀ ਹੁਕਮ ਅਨੁਸਾਰ ਸੈਂਟਰਲ ਜੇਲ੍ਹ ਬਠਿੰਡਾ ਦੀ ਹਦੂਦ ਅੰਦਰ ਅਤੇ ਹਦੂਦ ਤੋਂ 500 ਮੀਟਰ ਤੱਕ ਏਰੀਏ ਚ ਡਰੋਨ ਕੈਮਰਾ ਚਲਾਉਣ/ਉਡਾਉਣ 'ਤੇ ਮੁਕੰਮਲ ਪਾਬੰਦੀ ਲਗਾਈ ਹੈ। ਇਸ ਤੋਂ ਇਲਾਵਾ ਜੇਲ੍ਹ ਦੇ 500 ਮੀਟਰ ਘੇਰੇ ਅੰਦਰ ਕਿਸੇ ਵੀ ਵਿਅਕਤੀ ਦੇ ਘੁੰਮਣ ਫਿਰਨ 'ਤੇ ਪੰਬਦੀ ਲਗਾਉਣ ਲਈ (ਸਿਵਾਏ ਮੇਨ ਰੋਡ) ਸ਼ਾਮ 8 ਵਜੇ ਤੋਂ ਸਵੇਰੇ 6 ਵਜੇ ਤੱਕ ਅਧੀਨ ਧਾਰਾ 144 ਲਗਾਈ ਗਈ ਹੈ। ਇਹ ਹੁਕਮ 23 ਮਾਰਚ 2024 ਤੱਕ ਲਾਗੂ ਰਹਿਣਗੇ।

## ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਨਵੇਂ ਸ਼ੈਸ਼ਨ 2024-25 ਲਈ

# ਸਾਲਾਨਾ ਕੈਲੰਡਰ ਰੀਲੀਜ਼



**ਚੌਕ ਮਹਿਤਾ, 28 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਲੰਮੇ ਸਮੇਂ ਤੋਂ ਸੇਵਾਂ ਵਿੱਚ ਚੱਲ ਰਹੀਆ ਦਸ਼ਮੇਸ਼ ਵਿੱਦਿਅਕ ਸੰਸਥਾਵਾਂ- ਦਸ਼ਮੇਸ਼ ਪਬਲਿਕ ਸੀਨੀ. ਸੈਕੰ. ਸਕੂਲ, ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ ਅਤੇ ਦਸ਼ਮੇਸ਼ ਕਾਲਜ਼ ਫਾਰ ਵਿਮਨ ਮਹਿਤਾ ਚੌਂਕ, ਅੰਮ੍ਰਿਤਸਰ ਦਾ ਸਲਾਨਾ ਕੈਲੰਡਰ ਸਤਿਕਾਰਯੋਗ ਸ: ਸਤਿੰਦਰ ਸਿੰਘ ਜੀ ਆਈ. ਪੀ.ਐੱਸ., ਐੱਸ.ਐੱਸ.ਪੀ., ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੁਆਰਾ ਜਾਰੀ ਕੀਤਾ ਗਿਆ। ਇਸ ਕੈਲੰਡਰ ਵਿੱਚ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਨਾਲ ਸੰਬੰਧਿਤ ਸਾਲਾਨਾ ਗਤੀਵਿਧਿਆਂ ਦੇ ਵੇਰਵੇ ਸ਼ਾਮਿਲ ਹਨ ।ਸੰਸਥਾ ਦੇ ਚੀਫ਼ ਐਗਜ਼ੀਕਿਊਟਿਵ ਸ: ਹਰਸ਼ਦੀਪ ਸਿੰਘ ਰੰਧਾਵਾ ਨੇ ਕੈਲੰਡਰ ਜਾਰੀ ਕਰਦਿਆ ਕੈਲੰਡਰ ਦੀਆ ਵਿਸ਼ੇਸ਼ਤਾਵਾਂ 'ਤੇ ਚਾਨਣਾ ਪਾਇਆ ।ਉਹਨਾਂ ਨੇ ਇਹ ਵੀ ਦੱਸਿਆ ਕਿ ਇਹ ਕੈਲੰਡਰ ਹਰ ਸਾਲ ਜ਼ਾਰੀ ਕੀਤਾ ਜਾਵੇਗਾ ।ਜਿਸ ਵਿੱਚ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੀ ਹਰ ਕਾਰਗੁਜ਼ਾਰੀ ਨੂੰ ਦਰਸਾਇਆ ਗਿਆ ਹੈ।ਇਸ ਤੋਂ ਇਲਾਵਾ ਕੈਲੰਡਰ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਗਰਮੀਆਂ-ਸਰਦੀਆਂ ਦੀਆਂ ਛੁੱਟੀਆਂ ਦੇ ਨਾਲ-ਨਾਲ ਸਰਕਾਰੀ, ਗ਼ੈਰ-ਸਰਕਾਰੀ ਅਤੇ ਧਾਰਮਿਕ ਛੁੱਟੀਆਂ ਦਾ ਵੇਰਵਾ ਦਿੱਤਾ ਗਿਆ ਹੈ ਤਾਂ ਜੋ ਸੰਸਥਾ ਦੇ ਹਰ ਕਾਰਜ ਨੂੰ ਯੋਜਨਾਬੰਦ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾ ਸਕੇ ।ਕੈਲੰਡਰ ਵਿੱਚ ਸੰਸਥਾ ਦੀ ਅੰਦਰੂਨੀ ਬਿਲਡਿੰਗ ਦਾ ਦ੍ਰਿਸ਼, ਸਵੇਰ ਦੀ ਸਭਾ ਦਾ ਲੁਭਾਵਣਾ ਚਿੱਤਰ, ਵੱਖ-ਵੱਖ ਪ੍ਰਯੋਗਸ਼ਾਲਾਵਾਂ, ਖੇਡ ਦਾ ਵਿਸ਼ਾਲ ਮੈਦਾਨ, ਬੱਚਿਆਂ ਲਈ ਮਨੋਰੰਜਕ ਪਾਰਕ ਅਤੇ ਹੋਰ ਹੋਈਆਂ ਸਾਲਾਨਾ ਗਤੀਵਿਧੀਆਂ ਜਿਵੇਂ ਕਿ ਸਾਲਾਨਾ ਖੇਡਾਂ 'ਤੇ ਇਨਾਮ ਵੰਡ ਸਮਾਰੋਹ ਅਤੇ ਵੱਖ-ਵੱਖ ਵਿਸ਼ਿਆਂ 'ਤੇ ਹੋਏ ਸੈਮੀਨਰਾਂ ਦਾ ਵੇਰਵਾ ਦਿੱਤਾ ਗਿਆ ਹੈ। ਕੈਲੰਡਰ ਦਾ ਆਗਾਜ਼ ਕਰਨ ਸਮੇਂ ਸ: ਜੁਗਰਾਜ ਸਿੰਘ ਕਲੇਰ ਐੱਸ.ਪੀ. ਇੰਵੈਸਟੀਗੇਸ਼ਨ, ਸ: ਗੁਰਪ੍ਰਤਾਪ ਸਿੰਘ ਸਹੋਤਾ ਐੱਸ.ਪੀ., ਪੀ.ਬੀ.ਆਈ, ਮੈਨਜਮੈਂਟ ਅਹੁਦੇਦਾਰ ਸ: ਸੁਖਜਾਪ ਸਿੰਘ ਹੇਰਮਰ, ਸਰ ਹਰਪ੍ਰੀਤ ਸਿੰਘ ਢਿੱਲੋਂ ਅਤੇ ਸਕੂਲ ਫ਼ੈਕਲਟੀ ਮੈਂਬਰ ਸਰ ਅੰਮ੍ਰਿਤਪਾਲ ਸਿੰਘ ਤੇ ਸਰ ਹੀਰਾ ਸਿੰਘ ਰੰਧਾਵਾ ਵੀ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨ ਸਰਕਾਰ ਆਪਣੇ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆਂ ਪ੍ਰਤੀ ਪੂਰੀ ਤਰ੍ਹਾਂ ਫਿਕਰਮੰਦ-ਚੇਅਰਮੈਨ ਰੰਧਾਵਾ



**ਚੌਂਕ ਮਹਿਤਾ, 27 ਜਨਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਅੰਦਰ ਰੋਜ਼ਾਨਾਂ ਹੁੰਦੇ ਸੜਕ ਹਾਦਸਿਆ ਦੌਰਾਨ ਖਤਮ ਹੁੰਦੀਆਂ ਬਹੁਮੁੱਲੀਆਂ ਮਨੁੱਖੀ ਜਾਨਾਂ ਨੂੰ ਬਚਾਉਣ ਦੇ ਉਦੇਸ਼ ਨਾਲ ਬੀਤੇਂ ਕੱਲ੍ਹ ਦੇਸ਼ ਦੀ ਪਹਿਲੀ 'ਸੜਕ ਸੁਰੱਖਿਆ ਫੋਰਸ' ਦੀ ਸ਼ੁਰੂਆਤ ਕੀਤੇ ਜਾਣ ਦੀ ਪੁਰਜ਼ੋਰ ਸ਼ਲਾਘਾ ਕਰਦਿਆ ਹਲਕਾ ਜੰਡਿਆਲਾ ਗੁਰੂ ਤੋਂ 'ਆਪ' ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਖੱਬੇ ਰਾਜਪੂਤਾਂ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਲੋਕ ਹਿੱਤ 'ਚ ਲ਼ਿਆ ਗਿਆ ਇਹ ਇੱਕ ਇਤਿਹਾਸਕ ਫੈਸਲਾ ਹੈ,ਜਿਸ ਨਾਲ ਲੋਕਾਂ ਨੂੰ ਸੁਰੱਖਿਅਤ ਰੱਖਣ ਲਈ ਸਮਰਿਪਤ ਫੋਰਸ ਦੀ ਸ਼ੁਰੂਆਤ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ । ਉਨ੍ਹਾਂ ਕਿਹਾ ਕਿ ਇਹ ਫੋਰਸ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਅਤੇ ਆਵਾਜਾਈ ਦੀ ਵਿਵਸਥਾ ਨੂੰ ਸੁਚਾਰੂ ਬਣਾਉਣ ਵਿੱਚ ਬਹੁਤ ਵੱਡਾ ਰੋਲ ਅਦਾ ਕਰੇਗੀ ।ਇਸ ਫੋਰਸ ਨੂੰ ਜੋ 129 ਦਹਾਈ ਟੈੱਕ ਵਾਹਨ ਦਿੱਤੇ ਗਏ ਹਨ, ਉਹ ਦੁਨੀਆ ਭਰ ਦੇ ਸਭ ਤੋਂ ਵਧੀਆ ਵਾਹਨਾਂ ਵਿੱਚੋਂ ਇੱਕ ਹਨ ।ਇਸ ਯੋਜਨਾ ਤਹਿਤ 5500 ਕਿਲੋਮੀਟਰ ਰਾਜ ਤੇ ਰਾਸ਼ਟਰੀ ਮਾਰਗਾਂ ਨੂੰ ਕਵਰ ਕਰਨ ਲਈ ਸੜਕ ਸੁਰੱਖਿਆ ਯੋਜਨਾ ਸ਼ੁਰੂ ਕੀਤੀ ਗਈ ਹੈ,ਕਿਉਂਕਿ 65 ਫੀਸਦੀ ਸੜਕੀ ਮੌਤਾਂ ਰਾਸ਼ਟਰੀ ਅਤੇ ਰਾਜ ਮਾਰਗਾਂ 'ਤੇ ਵਾਪਰਦੀਆਂ ,ਜਿੰਨ੍ਹਾਂ 'ਚ ਜਿਆਦਾਤਰ ਘਾਤਕ ਹਾਦਸੇ ਸ਼ਾਮ 6:00 ਵਜੇ ਤੋਂ ਰਾਤ 12:00 ਵਜੇ ਦੇ ਦਰਮਿਆਨ ਵਾਪਰਦੇ ਹਨ, ਜਦੋਂ ਇਨ੍ਹਾਂ ਸੜਕਾਂ 'ਤੇ ਪੁਲਿਸ ਦੀ ਮੌਜੂਦਗੀ ਬਹੁਤ ਘੱਟ ਹੁੰਦੀ ਹੈ ।ਇਸ ਸੜਕ ਸੁਰਖਿਆ ਫੋਰਸ ਨੂੰ ਸ਼ਰਾਬ ਪੀ ਕੇ ਗੱਡੀ ਚਲਾਉਣ ਤੇ ਤੇਜ਼ ਰਫ਼ਤਾਰ ਵਾਹਨ ਨੂੰ ਰੋਕਣ ਲਈ ਵਿਸ਼ੇਸ਼ ਸਾਜ਼ੋ-ਸਾਮਾਨ ਨਾਲ ਲੈਸ ਇਹ 129 ਪੈਟਰੋਲਿੰਗ ਵਾਹਨ (ਗਸ਼ਤ ਕਰਨ ਵਾਲੇ ਵਾਹਨ) ਇਨ੍ਹਾਂ ਰੂਟਾਂ 'ਤੇ ਤਾਇਨਾਤ ਕੀਤੇ ਜਾਣਗੇ ਅਤੇ ਵਾਹਨ ਹਰੇਕ 30 ਕਿਲੋਮੀਟਰ ਦੀ ਦੂਰੀ ਨੂੰ ਕਵਰ ਕਰੇਗਾ। ਉਨ੍ਹਾਂ ਕਿਹਾ ਕਿ ਆਪਣੇ ਲੋਕਾਂ ਦੀ ਜਾਨ ਮਾਲ ਦੀ ਫਿਕਰ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸਮੇਤ ਸਮੁੱਚੀ ਕੈਬਨਿਟ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਜੋ ਸੋਚ ਲੈ ਕੇ ਚੱਲੀ ਸੀ,ਅੱਜ ਸੱਤਾ 'ਚ ਆਉਣ ਤੋਂ ਬਾਅਦ ਉਸ ਸੋਚ ਨੂੰ ਇੰਨ ਬਿੰਨ ਲਾਗੂ ਕਰ ਰਹੀ ਹੈ ਤੇ ਆਪਣੇ ਸੂਬੇ ਦੇ ਲੋਕਾਂ ਦੇ ਭਲੇ ਲਈ ਆਏ ਦਿਨ ਇਤਿਹਾਸਕ ਫੈਸਲੇ ਲੈ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨਯੋਗ ਹਾਈਕੋਰਟ ਦੇ ਹੁਕਮਾਂ ਉਪਰੰਤ ਤਹਿਸੀਲਦਾਰ ਸਾਹਿਬ ਨੂੰ ਤਲਬ ਕਰਨ ਤੋਂ ਬਾਅਦ ਨਿਸ਼ਾਨਦੇਹੀ ਕਰਕੇ ਮਾਨਯੋਗ ਹਾਈਕੋਰਟ ਵਿਚ ਰਿਪੋਰਟ ਪੇਸ਼ ਕਰਨ ਦੇ ਹੁਕਮ ਜਾਰੀ : ਹਰਪਾਲ ਸਿੰਘ ਯੂ.ਕੇ.



**ਅੰਮ੍ਰਿਤਸਰ, 28 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਿਤੀ 02-02-2024 ਨੂੰ ਨਿਸ਼ਾਨਦੇਹੀ ਕਰਕੇ ਮਾਨਯੋਗ ਹਾਈਕੋਰਟ ਨੇ ਤਹਿਸੀਲਦਾਰ -1, ਅੰਮ੍ਰਿਤਸਰ ਨੂੰ ਰਿਪੋਰਟ ਪੇਸ਼ ਕਰਨ ਦੇ ਕੀਤੇ ਹੁਕਮ ਜਾਰੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆ ਹਰਪਾਲ ਸਿੰਘ ਯੂ.ਕੇ ਨੇ ਦੱਸਿਆ ਕਿ 58 ਕਨਾਲ 4 ਮਰਲੇ ਜਮੀਨ ਜੋ ਕਿ ਨਿਊ ਅੰਤਰਯਾਮੀ ਕਲੋਨੀ, ਅੰਮ੍ਰਿਤਸਰ ਸੁਲਤਾਨਵਿੰਡ ਪੱਤੀ ਵਿਚ ਪੈਂਦੀ ਹੈ। ਜਿਸਦਾ ਖਸਰਾ ਨੰ. 1476 ਤੋਂ 1485 ਹੈ। ਬਾਬੇ ਮੰਗਲ ਸਿੰਘ ਨੇ ਗੁਰਦੁਆਰਾ ਲੋਕਲ ਕਮੇਟੀ ਦੇ ਪ੍ਰਧਾਨ ਬਾਵਾ ਸਿੰਘ, ਜੋਗਿੰਦਰ ਸਿੰਘ ਪਾਸੋਂ ਮਤਾ ਨੰ. 11 ਮਿਤੀ 30-09-1986 ਨੂੰ ਪਾਸ ਕਰਕੇ ਕਮੇਟੀ ਨੇ ਬਾਬਾ ਮੰਗਲ ਸਿੰਘ ਨੂੰ 99 ਸਾਲ ਦੀ ਰਜਿਸ਼ਟਰ ਲੀਜ ਕਰ ਦਿੱਤੀ ।ਜਿਸਦਾ ਮਾਲ ਮਹਿਕਮੇ ਵਿਚ ਬਾਬਾ ਮੰਗਲ ਸਿੰਘ ਦੇ ਨਾਮ ਤੇ ਇੰਤਕਾਲ 10913 ਮਨਜ਼ੂਰ ਹੋ ਗਿਆ ਪਰ ਮਾਨਯੋਗ ਹਾਈਕੋਰਟ ਅਤੇ ਹੋਰ ਵੀ ਸਟੇਅ ਅਤੇ ਅਦਾਲਤ ਦੀਆਂ ਡਿਗਰੀਆਂ ਸਾਡੇ ਹੱਕ ਵਿਚ ਹੋਣ ਦੇ ਬਾਵਜੂਦ ਵੀ ਪਿਛਲੀ ਦਿਨੀ 9-7-2022 ਨੂੰ ਐਸ.ਜੀ.ਪੀ.ਸੀ. ਦੀ ਟਾਸਕਫੋਰਸ ਨੇ 400-500 ਬੰਦਿਆ ਨੂੰ ਨਾਲ ਲੈ ਕੇ ਸਕੂਲ ਦੀ ਗਰਾਊਂਡ ਤੇ ਧੱਕੇ ਨਾਲ ਕਬਜਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਸਕੂਲ ਮਾਲਕ ਨੂੰ ਜਾਨੋ ਮਾਰਨ ਦੀਆਂ ਧਮਕੀਆ ਦਿਤੀਆ ਸਾਡੇ ਵਲੋ ਥਾਣਾ ਬੀ ਡਵੀਜਨ ਅੰਮ੍ਰਿਤਸਰ ਵਿਖੇ ਐਫ.ਆਈ.ਆਰ. ਨੰਬਰ 297/22, 298/22 ਮਿਤੀ 17-09-2022 ਨੂੰ ਦਰਜ ਕਰਵਾਈ ਜਿਸ ਦੌਰਾਨ ਐਸ.ਜੀ.ਪੀ.ਸੀ. ਦੇ ਖਿਲਾਫ ਪਰਚੇ ਦਰਜ ਹੋ ਗਏ ਫਿਰ ਸਾਡੀ ਨਿਸ਼ਾਨਦੇਹੀ ਕਰਾਉਣ ਵਾਸਤੇ ਮਾਨਯੋਗ ਪੁਲਿਸ ਕਮਿਸ਼ਨਰ ਸਾਹਿਬ ਨੇ ਝਗੜੇ ਵਾਲੀ ਜਗਾ ਦੀ ਨਿਸ਼ਾਨਦੇਹੀ ਕਰਨ ਵਾਸਤੇ ਮਾਨਯੋਗ ਡੀ.ਸੀ. ਸਾਹਿਬ ਨੂੰ ਪੱਤਰ ਲਿਖਿਆ ਅਤੇ ਫਿਰ ਮਾਨਯੋਗ ਡੀ.ਸੀ. ਸਾਹਿਬ ਨੇ ਉਪ ਮੰਡਲ ਅਫਸਰ ਨੂੰ ਹੁਕਮ ਜਾਰੀ ਕੀਤੇ ਅਤੇ ਫਿਰ ਉਪ ਮੰਡਲ ਅਤੇ ਮਾਯਨੋਗ ਐਫ.ਸੀ. ਆਰ ਸਾਹਿਬ ਵਲੋਂ ਪੱਤਰ ਜਾਰੀ ਕਰਕੇ ਤਹਿਸੀਲਦਾਰ ਸਾਹਿਬ ਕੋਲੋ ਨਿਸ਼ਾਨਦੇਹੀ ਵਾਲੀ ਜਗਾ ਦੀ ਰਿਪੋਰਟ ਮੰਗਵਾਈ ਪਰ ਇਕ ਸਾਲ ਹੋ ਗਿਆ ਪਰ ਇਹਨਾਂ ਨੇ ਐਸ.ਜੀ.ਪੀ.ਸੀ. ਅਤੇ ਮਾਲ ਮਹਿਕਮੇ ਦਾ ਦਬਾਅ ਹੋਣ ਕਰਕੇ ਨਿਸ਼ਾਨਦੇਹੀ ਨਹੀ ਕੀਤੀ ਕਿਉਂਕਿ ਪਿਛਲੇ ਸਾਲ 02-02-2023 ਨੂੰ ਸਮਾਂ 11.00 ਵਜੇ ਜਦੋਂ ਨਿਸ਼ਾਨਦੇਹੀ ਕਰਨ ਦੇ ਹੁਕਮ ਜਾਰੀ ਹੋਏ ਇਸ ਸਬੰਧੀ ਪੁਲਿਸ ਕਮਿਸ਼ਨਰ ਸਾਹਿਬ ਨੂੰ ਵੀ ਪੱਤਰ ਜਾਰੀ ਕਰ ਦਿੱਤਾ ਮੌਕੇ ਤੇ ਪੁਲਿਸ ਮੁਲਾਜਮ ਅਤੇ ਮੈਂ ਸਾਰਾ ਦਿਨ ਉਡੀਕਦੇ ਰਹੇ ਪਰ ਕੋਈ ਵੀ ਅਫਸਰ ਤਹਿਸੀਲਦਾਰ ਸਾਹਿਬ ਨਾ ਕਾਨੂੰਗੋ ਅਤੇ ਨਾ ਹੀ ਪਟਵਾਰੀ ਸਾਹਿਬ ਮੌਕੇ ਤੇ ਪਹੁੰਚੇ ਅਸੀ ਇਹਨਾਂ ਨੂੰ ਫੋਨ ਕਰਦੇ ਰਹੇ ਪਰ ਇਹਨਾਂ ਨੇ ਸਾਡਾ ਫੋਨ ਵੀ ਨਹੀ ਚੁੱਕਿਆ ਮੈਂ ਉਸ ਤੋਂ ਬਾਅਦ ਬਹੁਤ ਵਾਰੀ ਇਹਨਾਂ ਦੇ ਦਫਤਰ ਗਿਆ ਇਹਨਾ ਨੂੰ ਚਿਠੀਆ ਵੀ ਪਾਈਆ ਪਰ ਇਹ ਮੈਨੂੰ ਟਾਲ ਮਟੌਲ ਕਰਦੇ ਰਹੇ ਲਾਰੇ ਲਗਾਉਂਦੇ ਰਹੇ।

ਫਿਰ ਸਾਡੇ ਵਲੋ ਮਾਨਯੋਗ ਹਾਈਕੋਰਟ ਵਿਚ ਰਿਟ CWP-844-2024 ਪਾਈ। ਜਿਸ ਤੇ ਮਿਤੀ 24-01-2024 ਨੂੰ ਮਾਨਯੋਗ ਹਾਈਕੋਰਟ ਵਿਚ ਤਹਿਸੀਲਦਾਰ ਸਾਹਿਬ ਪੇਸ ਹੋਏ। ਮਾਨਯੋਗ ਹਾਈਕੋਰਟ ਵਲੋਂ ਤਹਿਸੀਲਦਾਰ-1, ਅੰਮ੍ਰਿਤਸਰ ਨੂੰ ਸਖਤੀ ਨਾਲ ਹੁਕਮ ਜਾਰੀ ਕਰ ਦਿਤੇ ਗਏ ਕਿ ਮਿਤੀ 02-02-2024 ਨੂੰ ਝਗੜੇ ਵਾਲੀ ਜਗ੍ਹਾ ਦੀ ਜਾ ਕੇ ਨਿਸ਼ਾਨਦੇਹੀ ਕੀਤੀ ਜਾਵੇ ਅਤੇ ਨਿਸ਼ਾਨਦੇਹੀ ਕਰਕੇ ਸਾਰੀ ਰਿਪੋਰਟ ਮਿਤੀ 08-02-2024 ਤੱਕ ਮਾਨਯੋਗ ਹਾਈਕੋਰਟ ਨੂੰ ਭੇਜਣ ਦੇ ਹੁਕਮ ਜਾਰੀ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੀਮਤੀ ਵੀਨਾ ਨੂੰ ਬੇਹਤਰੀਨ ਸੇਵਾਵਾਂ ਸਦਕਾ ਮਿਲਿਆ ਜ਼ਿਲ੍ਹਾ ਐਵਾਰਡ

**ਚੌਕ ਮਹਿਤਾ,28 ਜਨਵਰੀ( . ਬਾਬਾ ਸੁਖਵੰਤ ਸਿੰਘ ਚੰਨਣਕੇ )**-26 ਜਨਵਰੀ ਗਣਤੰਤਰ ਦਿਵਸ ਮੌਂਕੇ ਗੁਰੂ ਨਾਨਕ ਸਟੇਡੀਅਮ (ਗਾਂਧੀ ਗ੍ਰਾਉਂਡ) ਅੰਮ੍ਰਿਤਸਰ ਵਿਖ਼ੇ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਸਕੂਲ ਆਫ਼ ਐਮੀਨੈਂਸ (ਜੰਡਿਆਲਾ ਗੁਰੂ) ਵਿਖ਼ੇ ਲਾਇਬ੍ਰੇਰੀ ਰਿਸਟੋਰਰ ਦੇ ਅਹੁਦੇ ਤੇ ਤਾਇਨਾਤ ਸ਼੍ਰੀਮਤੀ ਵੀਨਾ ਨੂੰ ਆਪਣੀ ਡਿਊਟੀ ਤੋਂ ਬਾਅਦ ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ੍ਹ ਕੇ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਸਦਕਾ ਮੁੱਖ ਮਹਿਮਾਨ ਸ਼੍ਰੀ ਅਮਨ ਅਰੋੜਾ (ਨਵੇਂ ਤੇ ਨਵਿਆਉਣਯੋਗ ਊਰਜਾ ਅਤੇ ਛਪਾਈ ਤੇ ਲਿਖਣ ਸਮੱਗਰੀ ਮੰਤਰੀ ਪੰਜਾਬ), ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ,ਪੁਲਿਸ ਕਮਿਸ਼ਨਰ ਸ: ਗੁਰਪ੍ਰੀਤ ਸਿੰਘ ਭੁੱਲਰ ਵੱਲੋਂ ਸਾਂਝੇ ਤੌਰ ਤੇ ਜ਼ਿਲ੍ਹਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ 9 ਇਸ ਮੌਂਕੇ ਮਾਣਯੋਗ ਜਿਲ੍ਹਾ ਤੇ ਸੈਸ਼ਨ ਜੱਜ ਸ੍ਰੀਮਤੀ ਹਰਪ੍ਰੀਤ ਕੌਰ ਰੰਧਾਵਾ ਵਿਧਾਇਕ ਡਾ. ਅਜੇ ਕੁਮਾਰ ਗੁਪਤਾ, ਵਿਧਾਇਕ ਮੈਡਮ ਜੀਵਨ ਜੋਤ ਕੋਰ, ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ, ਭਾਰਗਵ, ਸੈਕਟਰੀ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਸ੍ਰੀ ਰਛਪਾਲ ਸਿੰਘ ,ਸਾਬਕਾ ਮੰਤਰੀ ਸ੍ਰੀਮਤੀ ਲਸ਼ਮੀਕਾਂਤਾ ਚਾਵਲਾ ,ਅਰਵਿੰਦਰ ਸਿੰਘ ਭੱਟੀ ,ਸ੍ਰੀ ਮਨੀਸ਼ ਅਗਰਵਾਲ ਅਤੇ ਹੋਰ ਸਖਸ਼ੀਅਤਾਂ ਹਾਜ਼ਰ ਸਨ। ਸ਼੍ਰੀਮਤੀ ਵੀਨਾ ਨੂੰ ਵਧਾਈ ਦੇਣ ਵਾਲਿਆਂ ਵਿੱਚ ਪ੍ਰਸਿੱਧ ਖੇਡ ਪ੍ਰੋਮੋਟਰ ਗੁਰਿੰਦਰ ਸਿੰਘ ਮੱਟੂ, ਹਰਦੇਸ਼ ਸ਼ਰਮਾ ,ਪ੍ਰਿੰਸੀਪਲ ਜਤਿੰਦਰ ਕੌਰ ,ਪ੍ਰਿੰਸੀਪਲ ਅਜੈ ਕੁਮਾਰ, ਮੁਨੀਸ਼ ਸ਼ਰਮਾ ,ਗੁਰਲੀਨ ਕੌਰ ,ਸਰਬਜੀਤ ਕੌਰ, ਮਨਦੀਪ ਕੌਰ, ਸਹਿਜਦੀਪ ਕੌਰ ,ਸੁੱਖਵਿੰਦਰ ਸਿੰਘ, ਰਸ਼ਮੀ ,ਕੰਵਲਜੀਤ ਸਿੰਘ, ਜਗਰੂਪ ਕੌਰ ,ਮੀਨਾਕਸ਼ੀ, ਅਮਨਪ੍ਰੀਤ ਕੌਰ ,ਜ਼ਰੀਨਾ, ਸੁਦਰਸ਼ਨ ਕੌਰ ,ਸੋਨੀਆ, ਮੀਨਾਕਸ਼ੀ ,ਸੁਖਬੀਰ ਕੌਰ, ਪਰਮਜੀਤ ਕੌਰ ,ਹਰਦੀਪ ਕੌਰ ,ਮਨਜੀਤ ਕੌਰ ,ਮੋਨਿਕਾ, ਆਸ਼ਿਮਾ ,ਰਾਜਿੰਦਰ ਕੌਰ, ਮਨਦੀਪ ਕੌਰ ,ਜਸਵਿੰਦਰ ਸਿੰਘ ,ਜਸਪ੍ਰੀਤ ਕੌਰ, ਦੀਪਿਕਾ ,ਕਰਨੈਲ ਸਿੰਘ, ਏਕਤਾ ,ਰਾਜਬੀਰ ਕੌਰ, ਗੁਰਵਿੰਦਰ ਕੌਰ ,ਸਿਮਰਨ ਕੌਰ ,ਲਖਵਿੰਦਰ ਕੌਰ, ਭੁਪਿੰਦਰ ਕੌਰ ,ਸੀਮਾ ਚੋਪੜਾ, ਦਮਨਪ੍ਰੀਤ ਕੌਰ ,ਕੰਵਲਜੀਤ ਕੌਰ ਟੀਨਾ ,ਕਰਮਜੀਤ ਕੌਰ, ਬਲਜਿੰਦਰ ਸਿੰਘ ਮੱਟੂ, ਅਮਨਦੀਪ ਕੌਰ, ਹਰਪ੍ਰੀਤ ਕੌਰ ਦੇ ਨਾਂਅ ਸ਼ਾਮਿਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



### ਮਾਤਾ ਦਲੀਪ ਕੌਰ ਜੀ ਜਿਉਂਦ ਦੇ ਸ਼ਰਧਾਂਜਲੀ ਸਮਾਗਮ ਵਿੱਚ

# ਬਾਬਾ ਸੱਜਣ ਸਿੰਘ ਜੀ ਵਾੜ੍ਹਾ ਸ਼ੇਰ ਸਿੰਘ ਵਾਲਿਆਂ ਨੇ ਭਰੀ ਹਾਜ਼ਰੀ

## ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜਰੀ ਭਰੀ










ਬਠਿੰਡਾ, 28 ਜਨਵਰੀ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)-ਜ਼ਿਲ੍ਹਾ ਬਠਿੰਡਾ ਦੇ ਪਿੰਡ ਜਿਉਂਦ ਤੋਂ ਸ੍ਰ ਬਾਊ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਜੀ ਮਾਤਾ ਦਲੀਪ ਕੌਰ ਜੀ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੀ ਆਤਮ ਸ਼ਾਂਤੀ ਵਾਸਤੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ। ਗੁਰਬਾਣੀ ਦਾ ਮਨੋਹਰ ਕੀਰਤਨ ਹੋਇਆ। ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜਰੀ ਭਰੀ। ਗੁਰਮਤ ਵਿਚਾਰਾਂ ਦੀ ਸਾਂਝ ਪਾਈ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮੂਹ ਪ੍ਰਬੰਧਕ ਕਮੇਟੀ ਅਤੇ ਸ੍ਰ ਬਾਊ ਸਿੰਘ ਸਪੁੱਤਰ ਸ੍ਰ ਤੇਜਾ ਸਿੰਘ ਜੀ ਵੱਲੋਂ ਬਾਬਾ ਸੱਜਣ ਸਿੰਘ ਜੀ ਅਤੇ ਸਮੂਹ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ।ਇਸ ਮੌਕੇ ਜਥੇਦਾਰ ਸੁਖਦੇਵ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰ ਸੁਖਜਿੰਦਰ ਸਿੰਘ, ਸ੍ਰ ਅਜੀਤ ਸਿੰਘ ਅਤੇ ਸਰਪੰਚ ਮੋਹਤਵਾਰ ਸਿੰਘ ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

75ਵੇਂ ਗਣਤੰਤਰ ਦਿਵਸ ਮੌਕੇ ਮਜ਼ਬੂਤ ਰਾਸ਼ਟਰ ਸੰਗਠਨ ਦੇ ਕੌਮੀ ਪ੍ਰਧਾਨ ਜੋਗਿੰਦਰ ਅੰਗੁਰਾਲਾ ਅਤੇ

# ਪੰਜਾਬ ਹੈਡ ਈਸ਼ੂ ਰਾਂਚਲ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਹੋਏ ਸਨਮਾਨਿਤ

**ਚੌਕ ਮਹਿਤਾ, 27 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਜ਼ਬੂਤ ਰਾਸ਼ਟਰ ਸੰਗਠਨ ਦੇ ਕੌਮੀ ਪ੍ਰਧਾਨ ਜੋਗਿੰਦਰ ਅੰਗੂਰਾਲਾ ਨੂੰ ਲੋਕ ਹਿੱਤ ਸੇਵਾਵਾਂ ਅਤੇ ਜਾਗਰੂਕਤਾ ਅਭਿਆਨ ਚਲਾਉਣ ਦੇ ਮੱਦੇਨਜ਼ਰ 75ਵੇਂ ਗਣਤੰਤਰ ਦਿਵਸ ਮੌਕੇ ਨਵਦੀਪ ਸਿੰਘ (ਅਸ਼ੋਕ ਚੱਕਰ) ਖੇਡ ਸਟੇਡੀਅਮ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਜਿਲਾ ਪੱਧਰੀ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ ਜਿਸ ਵਿਚ ਜੈ ਕਿਸ਼ਨ ਰੋੜੀ ਮੁੱਖ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਕੌਮੀ ਝੰਡਾ ਲਹਿਰਾਇਆ ਜਦਕਿ ਡਿਪਟੀ ਕਮਿਸ਼ਨਰ ਆਈ. ਏ. ਐੱਸ. ਡਾ. ਹਿਮਾਂਸੂ ਅਗਰਵਾਲ ਦੀ ਨਿਗਰਾਨੀ ਹੇਠ ਇਹ ਪ੍ਰੋਗਰਾਮ ਸਫਲਤਾ ਪੂਰਵਕ ਹੋ ਨਿੱਬੜਿਆ। ਇਸ ਸਮਾਗਮ ਵਿੱਚ ਮਜ਼ਬੂਤ ਰਾਸ਼ਟਰ ਸੰਗਠਨ ਦੇ ਪੰਜਾਬ ਹੈਡ ਈਸ਼ੂ ਰਾਂਚਲ ਨੂੰ ਮਨੁੱਖਤਾ ਦੀ ਸੇਵਾ ਕਰਨ ਦੇ ਲਈ ਵੀ ਵਿਸ਼ੇਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਜ਼ਬੂਤ ਰਾਸ਼ਟਰ ਸੰਗਠਨ ਦੇ ਕੌਮੀ ਪ੍ਰਧਾਨ ਅਤੇ ਜਰਨਲਿਸਟ ਐਸੋਸੀਏਸ਼ਨ ਰਜਿ. ਪੰਜਾਬ ਦੇ ਪ੍ਰਧਾਨ ਸ਼੍ਰੀ ਜੋਗਿੰਦਰ ਅੰਗੂਰਾਲਾ ਅਤੇ ਮਜ਼ਬੂਤ ਰਾਸ਼ਟਰ ਸੰਗਠਨ ਦੇ ਪੰਜਾਬ ਹੈਡ ਅਤੇ ਜਰਨਲਿਸਟ ਐਸੋਸੀਏਸ਼ਨ ਰਜਿ. ਜਿਲਾ ਗੁਰਦਾਸਪੁਰ ਦੇ ਪ੍ਰਭਾਰੀ ਈਸ਼ੂ ਰਾਂਚਲ ਨੇ ਸਾਂਝੇ ਤੌਰ 'ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸੇ ਤਰਾਂ ਹੀ ਮਾਨਵਤਾ ਦੀ ਸੇਵਾ ਅਤੇ ਸਮਾਜ ਨੂੰ ਰਾਹ ਦਸੇਰਾ ਦੇਣ ਦੇ ਲਈ ਯਤਨ ਕਰਦੇ ਰਹਿਣਗੇ। ਇਸ ਮੌਕੇ ਇਸ ਸਮਾਗਮ ਵਿੱਚ ਐੱਸ. ਐਸ .ਪੀ ਗੁਰਦਾਸਪੁਰ ਹਰੀਸ਼ ਦਯਾਮਾ, ਚੇਅਰਮੈਨ ਰਮਨ ਬਹਿਲ, ਚੇਅਰਮੈਨ ਜਗਰੂਪ ਸਿੰਘ ਸੇਖਵਾਂ, ਸੁਭਾਸ਼ ਚੰਦਰ ਵਧੀਕ ਡਿਪਟੀ ਕਮਿਸ਼ਨਰ, ਮੇਜਰ ਡਾਕਟਰ ਇਰਵਨ ਕੌਰ ਸਹਾਇਕ ਕਮਿਸ਼ਨਰ, ਸਮਸੇਰ ਸਿੰਘ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਦੀਨਾਨਗਰ ਅਤੇ ਧੀਰਜ ਵਰਮਾ ਸੀਨੀਅਰ ਆਪ ਆਗੂ ਵੀ ਮੁੱਖ ਤੌਰ ਤੇ ਹਾਜ਼ਰ ਸਨ।



**ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਧੰਨਵਾਦੀ ਹਾਂ ਜਿੰਨਾਂ ਨੇ ਮਜ਼ਬੂਤ ਰਾਸ਼ਟਰ ਸੰਗਠਨ ਦਾ ਮਾਣ ਵਧਾਇਆ ਹੈ- ਜੋਗਿੰਦਰ ਅੰਗੂਰਾਲਾ, ਈਸ਼ੂ ਰਾਂਚਲ**

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਮੀਮਸਾ ਵਿਖੇ ਵੂਮੈਨ ਜਸਟਿਸ ਆਰਗਨੇਸ਼ਨ ਰਜਿ: ਪੰਜਾਬ ਵੱਲੋਂ

# ਧੀਆਂ ਦੀ ਲੋਹੜੀ ਦਾ ਤਿਉਹਾਰ ਮਨਾਇਆ ਗਿਆ



ਧੂਰੀ ( ਰਣਜੀਤ ਸਿੰਘ ਪੇਧਨੀ ) ਵੂਮੈਨ ਜਸਟਿਸ ਆਰਗਨੇਸ਼ਨ ਰਜਿ: ਪੰਜਾਬ ਵੱਲੋਂ ਧੀਆਂ ਦੀ ਲੋਹੜੀ ਦਾ ਤਿਉਹਾਰ ਪਿੰਡ ਮੀਮਸਾ ਵਿਖੇ ਸੂਬਾ ਪ੍ਰਧਾਨ ਕਮਲਜੀਤ ਕੌਰ , ਮੋਨਿਕਾ ਅਤੇ ਸੰਜੀਵ ਗਰਗ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਜਿਸ ਵਿੱਚ ਸਾਬਕਾ ਸਰਪੰਚ ਨਾਹਰ ਸਿੰਘ ਮੀਮਸਾ, ਇੰਦਰਜੀਤ ਸਿੰਘ, ਬਲਵਿੰਦਰ ਸਿੰਘ ਗੋਗੀ, ਉੱਤਮ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਇਕੱਤਰ ਆਗੂਆਂ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਧੀਆਂ ਅੱਜ ਕੱਲ ਸਮਾਜ ਵਿੱਚ ਮੁੰਡਿਆਂ ਨਾਲੋਂ ਅੱਗੇ ਹੋ ਕੇ ਸਮਾਜ ਨੂੰ ਚੰਗਾ ਬਣਾਉਣ ਵਿੱਚ ਆਪਣਾ ਯੋਗਦਾਨ ਪਾ ਰਹੀਆਂ ਹਨ ਅਤੇ ਹਰ ਖੇਤਰ ਦੇ ਵਿੱਚ ਧੀਆਂ ਅੱਗੇ ਹੋ ਕੇ ਕੰਮ ਕਰਦੀਆਂ ਹਨ। ਅਸੀਂ ਵੂਮੈਨ ਔਰਗਨੇਸ਼ਨ ਰਜਿਸਟਰਡ ਪੰਜਾਬ ਵੱਲੋਂ ਧੀਆਂ ਦੀ ਲੋਹੜੀ ਮਨਾ ਕੇ ਖੁਸ਼ੀ ਮਹਿਸੂਸ ਕਰ ਰਹੇ, ਸੰਸਥਾ ਵੱਲੋਂ ਇਹ ਲੋਹੜੀ ਦਾ ਤਿਉਹਾਰ ਹਰ ਸਾਲ ਮਨਾਇਆ ਜਾਇਆ ਕਰੇਗਾ। ਇਸ ਮੌਕੇ ਇਕੱਤਰ ਧੀਆਂ ਨੂੰ ਰਿਓੜੀਆਂ, ਗੱਚਕ, ਮੂੰਗਫਲੀ ਆਦਿ ਵੰਡ ਕੇ ਲੋਹੜੀ ਦਾ ਤਿਉਰਾਰ ਮਨਾਇਆ ਗਿਆ। ਸਮਾਗਮ ਵਿੱਚ ਪਿੰਡ ਦੇ ਪਤਵੰਤੇ ਸੱਜਣ ਅਤੇ ਮਾਵਾਂ ਭੈਣਾਂ ਬੱਚੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਨਸਿਕ ਤਣਾਅ ਨੂੰ ਘਟਾਉਣ ਅਤੇ ਸੂਬੇ ਦੀ ਜਵਾਨੀ ਨੂੰ

# ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰ ਰਹੇ ਨੇ ਵਲੋਗਰ

**ਨਕੋਦਰ/ਮਹਿਤਪੁਰ (ਹਰਜਿੰਦਰ ਪਾਲ ਛਾਬੜਾ)** -ਪਰਿਵਰਤਨ ਦੇ ਇਸ ਦੌਰ ਵਿੱਚ ਮਨੋਰੰਜਨ ਦੇ ਸਾਧਨ ਕਈ ਮਾਧਿਅਮਾਂ ਰਾਹੀਂ ਲੋਕਾਂ ਦੇ ਮਾਨਸਿਕ ਤਣਾਅ ਨੂੰ ਘੱਟ ਕਰਨ ਵਿੱਚ ਬਹੁਤ ਕਾਰਗਰ ਸਾਬਤ ਹੋ ਰਹੇ ਹਨ ਅਜਿਹੇ ਵਿੱਚ ਸੋਸ਼ਲ ਮੀਡੀਆ ਲੋਕਾਂ ਦੇ ਤਣਾਅ ਨੂੰ ਘੱਟ ਕਰਨ ਦਾ ਮੁੱਖ ਸਾਧਨ ਬਣ ਗਿਆ ਹੈ। ਜਿੱਥੇ ਸੋਸ਼ਲ ਮੀਡੀਆ ਦਾ ਨੁਕਸਾਨ ਹੋ ਰਿਹਾ ਹੈ, ਉੱਥੇ ਹੀ ਕੁਝ ਬਲਾਗਰਾਂ ਵੱਲੋਂ ਬਣਾਏ ਜਾ ਰਹੇ ਵੀਲੌਗਜ਼ ਰਾਹੀਂ ਲੋਕਾਂ ਦਾ ਮਨੋਰੰਜਨ ਵੀ ਕੀਤਾ ਜਾ ਰਿਹਾ ਹੈ। ਰੋਜ ਹੀ ਨਸ਼ਿਆਂ ਬਾਰੇ ਖ਼ਬਰਾਂ ਸੁਣਨ ਨੂੰ ਮਿਲਦੀਆਂ ਹਨ ਕਿ ਕਿਵੇਂ ਨੌਜਵਾਨ ਨਸ਼ਿਆਂ ਦੇ ਜਾਲ ਵਿੱਚ ਫਸ ਰਹੇ ਹਨ। ਪਰ ਕੁਝ ਨੌਜਵਾਨ ਅਜਿਹੇ ਵੀ ਹਨ ਜੋ ਆਪਣੀ ਪ੍ਰਤਿਭਾ ਅਤੇ ਕੰਨਟੇਂਟ ਨਾਲ ਲੋਕਾਂ ਦਾ ਮਨ ਮੋਹ ਰਹੇ ਹਨ, ਅਜਿਹੇ ਹੀ ਪੰਜ ਦੋਸਤ ਜੋ ਕਿ ਪਵਾਰ ਸਿੰਘ ਵੀਲੋਗਜ ਦੇ ਨਾਮ ਨਾਲ ਮਸ਼ਹੂਰ ਵਾਸੀ ਮਿੱਠਾਪੁਰ, ਜਲੰਧਰ ਦੇ ਹਨ, ਜਿਨ੍ਹਾਂ ਦੀ ਪੰਜ ਮੈਂਬਰਾਂ ਦੀ ਟੀਮ ਜਿਹਨਾ ਵਿੱਚ ਭੁਪਿੰਦਰ ਸਿੰਘ ਭਿੰਦਾ, ਗੋਲਾ ਉਰਫ਼ ਪੰਕਜ, ਗੁਰਦੀਪ ਸਿੰਘ ਉਰਫ਼ ਪਹਿਲਵਾਨ, ਮਨਜੀਤ ਸਿੰਘ ਮਾਨ , ਸਤਵੀਰ ਸਿੰਘ ਬੁੱਧੂ ਇਕੱਠੇ ਆਪਣੇ ਵੀਲੌਗਸ ਨਾਲ ਲੋਕਾਂ ਦਾ ਮਨੋਰੰਜਨ ਕਰ ਰਹੇ ਹਨ। ਪੱਤਰਕਾਰ ਟੀਮ ਨੇ ਸਾਰੇ ਮੈਂਬਰਾਂ ਨਾਲ ਗੱਲਬਾਤ ਕੀਤੀ ਤਾਂ ਇਨ੍ਹਾਂ ਸਾਰਿਆਂ ਨੇ ਇਸ ਦੌਰਾਨ ਦੱਸਿਆ ਕਿ ਪਹਿਲਾਂ ਉਹ ਆਪਣੀਆਂ ਵੀਡੀਓਜ਼ ਬਣਾਉਂਦੇ ਸਨ ਪਰ ਕਿਸੇ ਦੇ ਕਹਿਣ 'ਤੇ ਉਨ੍ਹਾਂ ਨੇ ਅਪਣੀਆ ਵੀਡੀਓਜ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤੀਆ ਅਤੇ ਲੋਕਾਂ ਦਾ ਪਿਆਰ ਦੇਖ ਕੇ , ਪੂਰੀ ਟੀਮ ਨੇ ਵੀਲੌਗ ਬਣੋਣੇ ਸ਼ੁਰੂ ਕਰ ਦਿੱਤੇ।ਗੱਲਬਾਤ ਦੌਰਾਨ ਗੋਲਾ ਉਰਫ਼ ਪੰਕਜ ਨੇ ਦੱਸਿਆ ਕਿ ਉਹ ਵੀਲੌਗ ਤੋਂ ਇਲਾਵਾ ਕਬੱਡੀ ਵੀ ਖੇਡਦਾ ਹੈ ਅਤੇ ਵੀਲੌਗ ਦੇ ਹੋਰ ਮੈਂਬਰ ਵੀ ਸੋਸ਼ਲ ਮੀਡੀਆ 'ਤੇ ਆਪਣੀ ਵੱਖਰੇ ਵੀਲੋਗਜ ਪੋਸਟ ਕਰਦੇ ਰਹਿੰਦੇ ਹਨ।ਉਨ੍ਹਾਂ ਦੇ ਸਾਥੀ ਭੁਪਿੰਦਰ ਸਿੰਘ ਭਿੰਦਾ ਨੇ ਦੱਸਿਆ ਕਿ ਕਿਸੇ ਨਕਲੀ ਵਿਅਕਤੀ ਦੀ ਅਦਾਕਾਰੀ ਵੀ ਬਹੁਤੀ ਦੇਰ ਤੱਕ ਨਹੀਂ ਚੱਲਦੀ ਜਿਸ ਕਾਰਨ ਤੁਹਾਡੇ ਪ੍ਰਸ਼ੰਸਕ ਵੀ ਰਿਲੇਟ ਨਹੀਂ ਕਰ ਪਾਉਂਦੇ, ਇਸ ਲਈ ਉਹ ਆਪਣੇ ਵੀਲੌਗਸ ਵਿੱਚ ਉਸੇ ਤਰ੍ਹਾਂ ਹੀ ਰਹਿਣ ਦੀ ਕੋਸ਼ਸ਼ਿ ਕਰਦੇ ਹਨ ਜਿਵੇਂ ਉਹ ਅਸਲ ਜ਼ਿੰਦਗੀ ਵਿੱਚ ਹਨ ।ਟੀਮ ਦੇ ਹੀ ਇਕ ਹੋਰ ਮੁਖ ਮੇਂਬਰ ਮਨਜੀਤ ਮਾਨ ਜੋ ਕਿ ਪੇਸ਼ੇ ਤੋ ਇਕ ਕਿਸਾਨ ਨੇ ਕਿਹਾ ਕਿ ਉਹਨਾ ਦਾ ਮੁੱਖ ਉਦੇਸ਼ ਆਪਣੇ ਵੀਲੌਗਸ ਵਿੱਚ ਲੋਕਾਂ ਦਾ ਮਨੋਰੰਜਨ ਕਰਨਾ ਹੈ ।ਅੰਤ ਵਿੱਚ ਪੂਰੀ ਟੀਮ ਨੇ ਕਿਹਾ ਕਿ ਹਰ ਇਨਸਾਨ ਨੂੰ ਜਿੰਦਗੀ ਵਿੱਚ ਸਖਤ ਮਿਹਨਤ ਕਰਨੀ ਚਾਹੀਦੀ ਹੈ ਅਤੇ ਨਸ਼ੇ ਤੋਂ ਦੂਰ ਰਹਿਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੀ ਵਿਨੀਤ ਵਰਮਾ ਨੂੰ ਟ੍ਰੇਡ ਵਿੰਗ ਦਾ ਸੂਬਾ ਜਨਰਲ ਸਕੱਤਰ ਲੱਗਣ 'ਤੇ ਮੁਬਾਰਕਾ ਦਿੱਤੀਆਂ

**ਚੌਕ ਮਹਿਤਾ, 28 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼੍ਰੀ ਵਿਨੀਤ ਵਰਮਾ ਜੀ ਨੂੰ ਟ੍ਰੇਡ ਵਿੰਗ ਦਾ ਜਨਰਲ ਸਕੱਤਰ ਲੱਗਣ ਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਜੀ ਦਾ ਅਤੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ, ਟੀ, ਉ, ਦਾ ਬਹੁਤ ਬਹੁਤ ਧੰਨਵਾਦ ਕਰਦੇ ਹੋਏ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਪਾਰ ਮੰਡਲ ਵਿੰਗ ਦੇ ਵਾਈਸ ਜਿਲਾ ਪ੍ਰਧਾਨ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਪਾਰਟੀ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਪਾਰਟੀ ਸਮੇਂ ਦੇ ਨਾਲ ਮਿਹਨਤ ਕਰਨ ਵਾਲੇ ਜੁਝਾਰੂ ਨੂੰ ਮਾਨ ਸਨਮਾਨ ਕਰਦੀ ਰਹਿੰਦੀ ਹੈ। ਅੱਜ ਜਲਾਲ ਉਸਮਾ ਨੇ ਬਹੁਤ ਖੁਸ਼ੀ ਜਹਿਰ ਕੀਤੀ ਅਤੇ ਆਪਣੇ ਸਾਥੀਆਂ ਨੂੰ ਲੱਡੂ ਵੰਡੇ ਗਏ। ਇਸ ਦੌਰਾਨ ਸ, ਹਰਜਿੰਦਰ ਸਿੰਘ ਜਲਾਲ ਉਸਮਾ, ਸਾਬਕਾ ਪ੍ਰਧਾਨ ਬੂਟਾ ਸਿੰਘ ਜਲਾਲ, ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਸ, ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾ, ਨਿਰਮਲ ਸਿੰਘ, ਇੰਦਰਜੀਤ ਸਿੰਘ, ਅਤੇ ਵਪਾਰ ਮੰਡਲ ਪੰਜਾਬ ਵਿੰਗ ਦੀ ਸਾਰੀ ਟੀਮ ਨੇ -ਸ੍ਰੀ ਵਿਨੀਤ ਵਰਮਾ ਜੀ ਮੁਬਾਰਕਬਾਦਾ ਦਿੱਤੀਆਂ।





ਆਵਾਜ਼ਿ ਕੌਮ AWAZE QAUM International Newspaper & WEB TV

# ਘੁੱਲੀ ਬਣੇ ਆਪ ਸਪੋਰਟਸ ਵਿੰਗ ਦੇ ਜਨ: ਸਕੱਤਰ,ਪ੍ਰਸ਼ੰਸਕਾਂ 'ਚ ਖੁਸ਼ੀ ਦੀ ਲਹਿਰ, ਹਾਈਕਮਾਂਡ ਦਾ ਕੀਤਾ ਧੰਨਵਾਦ

ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦੇ ਲਈ ਦਿਨ ਰਾਤ ਕੰਮ ਕਰਨ ਵਾਲੇ ਮਿਹਨਤੀ ਵਰਕਰਾਂ ਨੂੰ ਅਹੁਦੇਦਾਰੀਆਂ ਦੇ ਕੇ ਨਿਵਾਜਿਆ ਗਿਆ ਹੈ।ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਚੇਅਰਮੈਨ ਘੁੱਲੀ ਦੇ ਜਨਰਲ ਸਕੱਤਰ ਬਣਨ ਦੇ ਨਾਲ ਧੂਰੀ ਹਲਕੇ ਦੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਖੁਸ਼ੀ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਅਮਰਦੀਪ ਸਿੰਘ ਧਾਂਦਰਾ ਆਪ ਆਗੂ, ਭਿੰਦਾ ਬਿਰਕ ਆਪ ਆਗੂ ,ਆਪ ਆਗੂ ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਤ ਸਿੰਘ ਕਾਂਝਲਾ,ਬਲਾਕ ਪ੍ਰਧਾਨ ਤੀਰਥ ਸਿੰਘ ਗਿੱਲ, ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ, ਸਹਿਰੀ ਬਲਾਕ ਪ੍ਰਧਾਨ ਜਸਪਾਲ ਸਿੰਘ ਭੁੱਲਰ, ਸਹਿਰੀ ਬਲਾਕ ਪ੍ਰਧਾਨ ਮਿਲਖ ਰਾਜ, ਆਪ ਆਗੂ ਬਖਸੀਸ ਅਲਾਲ,ਆਪ ਆਗੂ ਜਸਬੀਰ ਸਿੰਘ ਜੱਜ, ਆਪ ਆਗੂ ਬਿੱਲਾ ਸਾਹੀਵਾਲ, ਰਜਿੰਦਰ ਸਿੰਘ ਪੇਧਨੀ, , ਆਪ ਆਗੂ ਗੁਰਮੇਲ ਸਿੰਘ ਘਨੌਰੀ, ਆਪ ਆਗੂ ਕੁਲਵੰਤ ਸਿੰਘ ਘਨੌਰੀ, ਆਪ ਆਗੂ ਜਗਰਾਜ ਸਿੰਘ ਘਨੌਰੀ , ਆਪ ਆਗੂ ਬੂਟਾ ਸੁਲਤਾਨਪੁਰ ,ਸੋਨੀ ਸੁਲਤਾਨਪੁਰ ,ਆਪ ਆਗੂ ਰਣਜੀਤ ਸਿੰਘ ਧੰਦੀਵਾਲ ,ਆਪ ਆਗੂ ਗੁਗਨੀ ਧੰਦੀਵਾਲ, ਆਪ ਆਗੂ ਕਾਲਾ ਮੀਮਸਾ, ਸਰਪੰਚ ਸੁਖਦੀਪ ਸਿੰਘ ਚੀਮਾ ,ਸੇਵਕ ਸਿੰਘ ਲੱਡਾ, ਰਾਜੂ ਲੱਡਾ ਆਦ ਆਗੂਆਂ ਨੇ ਜਿੱਥੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੂੰ ਜਨਰਲ ਸਕੱਤਰ ਬਣਨ ਤੇ ਮੁਬਾਰਕਬਾਦ ਦਿੱਤੀ ਉੱਥੇ ਹਾਈ ਕਮਾਂਡ ਦਾ ਵਿਸ਼ੇਸ਼ ਤੌਰ ਤੇ ਵੀ ਧੰਨਵਾਦ ਕੀਤਾ। ਅੰਤ ਵਿੱਚ ਚੇਅਰਮੈਨ ਘੁੱਲੀ ਨੇ ਪਾਰਟੀ ਹਾਈ ਕਮਾਂਡ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਵਾਇਆ ਕਿ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ।



ਆਵਾਜ਼ਿ ਕੌਮ AWAZE QAUM International Newspaper & WEB TV

# ✵ ਅਸ਼ੀਰਵਾਦ ✵



ਸ, ਗੁਰਜੀਤ ਸਿੰਘ ਦੇ ਸਪੁੱਤਰ ਚਮਕੌਰ ਸਿੰਘ ਦੇ ਵਿਆਹ ਤੇ ਜੋੜੀ ਨੂੰ ਆਸੀਸਵਾਦ ਦਿੰਦੇ ਹੋਏ ਤੇਰੀ ਉਟ ਬਿਰਧ ਆਸਰਮ ਗਦਲੀ ਦੇ ਮੁੱਖੀ ਮਹਾਨ ਕਥਾ ਵਾਚਕ ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਆਦਿ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਬੁੱਕਨ ਖਾਂ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ

# ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਗੁਰਮਤਿ ਸਮਾਗਮ ਕਰਵਾਏ






**ਫ਼ਿਰੋਜ਼ਪੁਰ, 28 ਜਨਵਰੀ (ਮਨੋਹਰ ਲਾਲ) :—** ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਬੁੱਕਣ ਖਾਂ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਸੁੰਦਰ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ ਗਿਆ। ਇਸ ਮੌਕੇ ਤੇ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਬੁੱਕਣ ਖਾਂ ਦੇ ਮੁੱਖ ਸੇਵਾਦਾਰ ਸ੍ਰੀਮਾਨ ਗਿਆਨੀ ਸੁਖਦੇਵ ਸਿੰਘ ਖਾਲਸਾ ਜੀ ਨੇ ਹੁਕਮਨਾਮੇ ਦੀ ਕਥਾ ਕੀਤੀ ਅਤੇ ਕਿਹਾ ਕਿ ਅੱਜ ਅਸੀਂ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ ਅਤੇ ਸ੍ਰੀ ਹਰਮਿੰਦਰ ਸਾਹਿਬ ਜੀ ਦੀ ਪਵਿੱਤਰਤਾ ਲਈ ਸੀਸ ਤਲੀ ਤੇ ਰੱਖ ਕੇ ਜੂਝਣ ਵਾਲੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾ ਰਹੇ ਹਾਂ, ਜਿਨ੍ਹਾਂ ਨੇ ਸਾਹਿਬੇ ਕਮਾਲ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਆਦੇਸ਼ਾਂ ਤੇ ਚਲਦਿਆਂ ਮੁਗਲਾਂ ਨਾਲ ਲੋਹਾ ਲਿਆ ਅਤੇ ਆਪਣਾ ਸੀਸ ਕਟੇ ਜਾਣ ਤੇ ਸੀਸ ਤਲੀ ਤੇ ਰੱਖ ਕੇ ਬਹਾਦਰੀ ਨਾਲ ਯੁੱਧ ਕੀਤਾ, ਜੋ ਇਕ ਮਿਸਾਲ ਹੈ, ਜੋ ਸਿਰ ਜਾਏ ਪਰ ਜਾਏ, ਸਾਡੀ ਸਿਖੀ ਸਿਦਕ ਨਾ ਜਾਏ ਮਿਸਾਲ ਪੈਦਾ ਕੀਤੀ, ਜੋ ਕਿ ਰਹਿੰਦੀ ਦੁਨੀਆਂ ਤੱਕ ਯਾਦ ਰਹੇਗੀ। ਗਿਆਨੀ ਸੁਖਦੇਵ ਸਿੰਘ ਖਾਲਸਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਵਹਿਮਾਂ ਭਰਮਾਂ ਤੋਂ ਉਪਰ ਉਠ ਕੇ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪੁੱਤਰ ਧੀਆਂ ਬਣ ਕੇ ਜੀਵਨ ਜੀਵਨਾ ਚਾਹੀਦਾ ਹੈ ਅਤੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਵੱਧ ਤੋਂ ਵੱਧ ਯੋਗਦਾਨ ਪਾਈਏ ਤਾਂ ਜੋ ਸਾਡੇ ਗੁਰੂਆਂ ਨੇ ਲਾਇਆ ਸਿੱਖੀ ਦਾ ਬੂਟਾ ਵੱਧ ਤੋਂ ਵੱਧ ਪ੍ਰਫੁਲਤ ਹੋ ਸਕੇ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਟੇਜ਼ ਦੀ ਸੇਵਾ ਭਾਈ ਗੁਰਦੀਪ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

ਰਾਜਸਥਾਨ ਦੇ ਅਜਮੇਰ ਵਿੱਚ ਸਥਿਤ ਦਰਗਾਹ ਤੇ ਹਿੰਦੂ ਮੰਦਰ ਹੋਣ ਦਾ ਦਾਅਵਾ

# ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਨੂੰ ਪੱਤਰ ਲਿਖ ਕੇ ਮਾਮਲੇ ਦੀ ਜਾਂਚ ਕਰਨ ਦੀ ਮੰਗ

ਨਵੀਂ ਦਿੱਲੀ 28 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-ਰਾਜਸਥਾਨ ਦੇ ਅਜਮੇਰ ਵਿੱਚ ਸਥਿਤ ਖਵਾਜਾ ਮੋਇਨੂਦੀਨ ਚਿਸ਼ਤੀ ਦਰਗਾਹ ਦਰਗਾਹ ਨਹੀਂ ਬਲਕਿ ਇੱਕ ਹਿੰਦੂ ਮੰਦਰ ਹੈ। ਇਹ ਦਾਅਵਾ ਮਹਾਰਾਣਾ ਪ੍ਰਤਾਪ ਸੈਨਾ ਦੇ ਕੌਮੀ ਪ੍ਰਧਾਨ ਰਾਜਵਰਧਨ ਸਿੰਘ ਪਰਮਾਰ ਨੇ ਕੀਤਾ ਹੈ। ਇਸ ਸਬੰਧੀ ਉਨ੍ਹਾਂ ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਨੂੰ ਪੱਤਰ ਲਿਖ ਕੇ ਮਾਮਲੇ ਦੀ ਜਾਂਚ ਕਰਨ ਲਈ ਕਿਹਾ ਹੈ। ਰਾਜਵਰਧਨ ਨੇ ਆਪਣੇ ਸੋਸ਼ਲ ਮੀਡੀਆ ਐਕਸ ਹੈਂਡਸ ਤੋਂ ਇੱਕ ਵੀਡੀਓ ਅਤੇ ਮੁੱਖ ਮੰਤਰੀ ਨੂੰ ਲਿਖੇ ਪੱਤਰ ਦੀ ਇੱਕ ਕਾਪੀ ਵੀ ਪੋਸਟ ਕੀਤੀ ਹੈ। ਰਾਜਵਰਧਨ ਨੇ ਕਿਹਾ ਕਿ ਅਜਮੇਰ ਦਰਗਾਹ, ਦਰਗਾਹ ਨਹੀਂ ਸਗੋਂ ਹਿੰਦੂ ਮੰਦਰ ਹੈ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਮਹਾਰਾਣਾ ਪ੍ਰਤਾਪ ਸੈਨਾ ਨੇ ਇਸ ਨੂੰ ਪਹਿਲਾਂ ਰਾਜਸਥਾਨ ਵਿੱਚ ਅਸ਼ੋਕ ਗਹਿਲੋਤ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਸੀ। ਹਾਲਾਂਕਿ ਪਿਛਲੀ ਸਰਕਾਰ ਵੱਲੋਂ ਇਸ ਮੁੱਦੇ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਨੇ ਸੀਐਮ ਭਜਨ ਲਾਲ ਤੋਂ ਇਸ ਮਾਮਲੇ ਵਿੱਚ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਰਾਜਸਥਾਨ ਦੇ ਸੀਐਮ ਭਜਨ ਲਾਲ ਸ਼ਰਮਾ ਨੂੰ ਲਿਖੇ ਪੱਤਰ ਵਿੱਚ ਰਾਜਵਰਧਨ ਸਿੰਘ ਪਰਮਾਰ ਨੇ ਕਿਹਾ ਕਿ ਰਾਜਸਥਾਨ ਦੇ ਕਈ ਜ਼ਿਲ੍ਹਿਆਂ ਵਿੱਚ ਕੱਢੀ ਗਈ ਜਨ ਜਾਗਰਣ ਯਾਤਰਾ ਦੌਰਾਨ ਕਈ ਲੋਕਾਂ ਨੇ ਇਸ ਮੰਗ ਦਾ ਸਮਰਥਨ ਕੀਤਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਜ਼ਰੂਰੀ ਨਿਰਦੇਸ਼ ਜਾਰੀ ਕਰਨ ਅਤੇ ਅਯੁੱਧਿਆ, ਬਾਬਰੀ ਮਸਜਿਦ ਅਤੇ ਵਾਰਾਣਸੀ ਦੀ ਜਾਂਚ ਵਾਂਗ ਅਜਮੇਰ ਦੀ ਦਰਗਾਹ ਦੀ ਵੀ ਜਾਂਚ ਕਰਵਾਉਣ ਦੀ ਬੇਨਤੀ ਕੀਤੀ।



ਧਿਆਨ ਯੋਗ ਹੈ ਕਿ ਭਾਰਤੀ ਪੁਰਾਤੱਤਵ ਸਰਵੇਖਣ (ਏ.ਐਸ.ਆਈ.) ਨੂੰ ਵਾਰਾਣਸੀ ਦੇ ਗਿਆਨਵਾਪੀ ਕੰਪਲੈਕਸ ਵਿੱਚ ਕੁਝ ਹੈਰਾਨ ਕਰਨ ਵਾਲੇ ਸਬੂਤ ਮਿਲੇ ਹਨ। ਏਐਸਆਈ ਟੀਮ ਨੇ ਆਪਣੀ ਸਰਵੇ ਰਿਪੋਰਟ ਵਿੱਚ ਕਿਹਾ ਹੈ ਕਿ ਉੱਥੇ ਹਿੰਦੂ ਮੰਦਰ ਦੀ ਹੋਂਦ ਦੇ ਕਈ ਸਬੂਤ ਮਿਲੇ ਹਨ। ਦੂਜੇ ਪਾਸੇ ਅਜਮੇਰ ਦਰਗਾਹ 'ਤੇ ਜਾਂਚ ਨੂੰ ਲੈ ਕੇ ਮੁੱਖ ਮੰਤਰੀ ਨੂੰ ਪੱਤਰ ਲਿਖਿਆ ਗਿਆ ਹੈ। ਹੁਣ ਦੇਖਣਾ ਹੋਵੇਗਾ ਕਿ ਮੁੱਖ ਮੰਤਰੀ ਭਜਨ ਲਾਲ ਇਸ 'ਤੇ ਕੀ ਫੈਸਲਾ ਲੈਂਦੇ ਹਨ।

# ਖ਼ੂਨਦਾਨ ਕੈਂਪਾਂ ਦੇ ਵਿੱਚ ਯੋਗਦਾਨ ਪਾਉਣ ਬਦਲੇ ਪੱਤਰਕਾਰ ਵਿਜੈ ਕੁਮਾਰ ਸਿੰਗਲਾ ਦਾ 26 ਜਨਵਰੀ ਤੇ ਹੋਇਆ ਸਨਮਾਨ

ਵੱਖ-ਵੱਖ ਆਗੂਆਂ ਵੱਲੋਂ ਕੀਤਾ ਗਿਆ ਖੁਸ਼ੀ ਦਾ ਪ੍ਰਗਟਾਵਾ

ਬਰਨਾਲਾ / ਸੇਰਪੁਰ ( ਭਾਨ ਸਿੰਘ ਜੱਸੀ ) : 27 ਜਨਵਰੀ -ਸੰਗਰੂਰ ਵਿਖੇ ਪੁਲਸ ਲਾਈਨ ਸਟੇਡੀਅਮ ਵਿੱਚ ਮਨਾਏ ਗਏ ਗਣਤੰਤਰ ਦਿਵਸ ਮੌਕੇ ਲਾਇਨਜ਼ ਕਲੱਬ ਸ਼ੇਰਪੁਰ ਦੇ ਲਾਇਨ ਮੈਂਬਰ ਵਿਜੈ ਕੁਮਾਰ ਸਿੰਗਲਾ ਮੈਂਬਰ ਪ੍ਰੈਸ ਕਲੱਬ ਸ਼ੇਰਪੁਰ ਨੂੰ ਖ਼ੂਨਦਾਨ ਕੈਂਪ, ਮੈਡੀਕਲ ਕੈਂਪ, ਮੁਫਤ ਅੱਖਾਂ ਦੇ ਅਪਰੇਸ਼ਨ ਕੈਂਪ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਯੋਗਦਾਨ ਬਦਲੇ ਸ੍ਰੀ ਲਾਲਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਵੱਲੋਂ ਜਿਲਾ ਪੱਧਰੀ ਐਵਾਰਡ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ, ਐਸ. ਐਸ. ਪੀ ਸੰਗਰੂਰ ਸਰਤਾਜ ਸਿੰਘ ਚਾਹਲ, ਵਿਧਾਨ ਸਭਾ ਹਲਕਾ ਸੰਗਰੂਰ ਦੇ ਵਿਧਾਇਕ ਬੀਬਾ ਨਰਿੰਦਰ ਕੌਰ ਭਰਾਜ, ਦੇਵਦਰਸ਼ਦੀਪ ਸਿੰਘ ਪੀਸੀਐਸ ਸਹਾਇਕ ਕਮਿਸ਼ਨਰ (ਜਰਨਲ) ਸੰਗਰੂਰ, ਵਿਧਾਨ ਸਭਾ ਹਲਕਾ ਲਹਿਰਾਗਾਗਾ ਤੋਂ ਵਿਧਾਇਕ ਐਡਵੋਕੇਟ ਬਰਿੰਦਰ ਗੋਇਲ, ਇੰਪਰੂਵਮੈਂਟ ਟਰੱਸਟ ਸੰਗਰੂਰ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ ਸਰਪੰਚ, ਮਾਰਕੀਟ ਕਮੇਟੀ ਸੰਗਰੂਰ ਦੇ ਚੇਅਰਮੈਨ ਅਵਤਾਰ ਸਿੰਘ ਈਲਵਾਲ, ਜਿਲਾ ਯੋਜਨਾ ਬੋਰਡ ਸੰਗਰੂਰ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ ਹਾਜ਼ਰ ਸਨ। ਪੰਚਾਇਤ ਯੂਨੀਅਨ ਸੰਗਰੂਰ ਦੇ ਪ੍ਰਧਾਨ ਸਰਦਾਰ ਜਸਵੀਰ ਸਿੰਘ , ਪੰਜਾਬੀ ਸੱਭਿਆਚਾਰਕ ਸੱਥ ( ਪੰਜਾਬ ) ਦੇ ਆਗੂ ਮੁਲਖਾ ਸਿੰਘ ਕੁਨਰ , ਨੌਜਵਾਨ ਆਗੂ ਗੁਰਪ੍ਰੀਤ ਸਿੰਘ ਖੇੜੀ , ਸਟੇਟ ਅਵਾਰਡੀ , ਸਮਾਜ ਸੇਵੀ , ਭਾਨ ਸਿੰਘ ਜੱਸੀ ( ਜੱਸੀ ਪੇਦਨੀ ) ਆਦਿ ਸ਼ਖਸੀਅਤਾਂ ਵੱਲੋਂ ਪੱਤਰਕਾਰ ਵਿਜੇ ਕੁਮਾਰ ਸਿੰਗਲਾ ਨੂੰ ਸਨਮਾਨ ਮਿਲਣ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।



# ਯਾਦਵਿੰਦਰ ਸਿੰਘ ਬਰਾੜ ਦੇ ਸਤਿਕਾਰਯੋਗ ਪਿਤਾ ਅੰਗਰੇਜ਼ ਸਿੰਘ ਬਰਾੜ ਨਮਿਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ 31 ਜਨਵਰੀ ਨੂੰ



**ਫ਼ਿਰੋਜ਼ਪੁਰ, 28 ਜਨਵਰੀ (ਮਨੋਹਰ ਲਾਲ) :—** ਇਲਾਕੇ ਵਿਚ ਵਿਲੱਖਣ ਪਹਿਚਾਣ ਰੱਖਣ ਵਾਲੇ ਯਾਦਵਿੰਦਰ ਸਿੰਘ ਬਰਾੜ ਦੇ ਸਤਿਕਾਰਯੋਗ ਪਿਤਾ ਸਰਦਾਰ ਅੰਗਰੇਜ਼ ਸਿੰਘ ਬਰਾੜ ਜੋ ਕਿ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ 23 ਜਨਵਰੀ 2024 ਨੂੰ ਅਕਾਲ ਚਲਾਣਾ ਕਰ ਗਏ ਸਨ, ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਮਿਤੀ 31 ਜਨਵਰੀ 2024 ਦਿਨ ਬੁੱਧਵਾਰ ਨੂੰ ਦੁਪਹਿਰ 12 ਵਜੇ ਤੋਂ ਇਕ ਵਜੇ ਤੱਕ ਗੁਰਦੁਆਰਾ ਬਾਉਲੀ ਸਾਹਿਬ ਨੇੜੇ ਪਿੰਡ ਮਹਿਮੂਆਣਾ (ਸਾਦਿਕ—ਫਰੀਦਕੋਟ) ਰੋਡ ਤੇ ਹੋਵੇਗੀ। ਸਰਦਾਰ ਅੰਗਰੇਜ਼ ਸਿੰਘ ਬਰਾੜ ਦੀ ਜਦੋਂ ਅਕਾਲ ਚਲਾਣੇ ਦੀ ਖਬਰ ਇਲਾਕੇ ਵਿਚ ਫੈਲੀ ਤਾਂ ਇਕ ਦਮ ਸੋਗ ਦੀ ਲਹਿਰ ਦੌੜ ਗਈ। ਇਸ ਮੌਕੇ ਤੇ ਵੱਖ—ਵੱਖ ਜਥੇਬੰਦੀਆਂ ਦੇ ਆਗੂਆਂ, ਧਾਰਮਿਕ ਆਗੂ, ਪੱਤਰਕਾਰ, ਵਕੀਲ, ਸਰਕਾਰੀ ਮੁਲਾਜ਼ਮ, ਰਿਸ਼ਤੇਦਾਰ ਨੇ ਯਾਦਵਿੰਦਰ ਸਿੰਘ ਬਰਾੜ ਨਾਲ ਦੁੱਖ ਸਾਂਝਾ ਕਰਦਿਆਂ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਕਾਲ ਪੁਰਖ ਅੱਗੇ ਅਰਦਾਸ ਬੇਨਤੀ ਕੀਤੀ। ਇਸ ਮੌਕੇ ਤੇ ਪੰਜਾਬ ਮੰਡੀ ਬੋਰਡ ਦੇ ਚੀਫ ਇਨ ਇੰਜੀਨੀਅਰ ਜਤਿੰਦਰ ਸਿੰਘ ਭੱਗੂ ਨੇ ਵੀ ਬਰਾੜ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਸੰਸਕਾਰ ਮੌਕੇ ਤੇ ਉਨ੍ਹਾਂ ਅਰਥੀ ਨੂੰ ਮੋਢਾ ਦਿੱਤਾ। ਸਰਦਾਰ ਅੰਗਰਜ ਸਿੰਘ ਬਰਾੜ ਲੋਕਾਂ ਵਿਚ ਹਰਮਨ ਪਿਆਰੇ ਸਨ ਅਤੇ ਉਨ੍ਹਾਂ ਦਾ ਹਰ ਮਹਿਕਮੇ ਵਿਚ ਪੂਰਾ—ਪੂਰਾ ਮਾਨ ਸਨਮਾਨ ਹੁੰਦਾ ਸੀ, ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਸ: ਅੰਗਰੇਜ਼ ਸਿੰਘ ਬਰਾੜ ਦੇ ਸਾਰੇ ਪਰਿਵਾਰ, ਰਿਸ਼ਤੇਦਾਰਾਂ, ਦੋਸਤਾਂ—ਮਿੱਤਰਾਂ ਅਤੇ ਸਮੂਹ ਬਰਾੜ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸੇ.। ਅਕਾਲ ਚਲਾਣਾ ਕਰ ਗਈ ਰੂਹ ਦੀ ਆਤਮਿਕ ਸ਼ਾਂਤੀ ਲਈ 31 ਜਨਵਰੀ 2024 ਨੂੰ ਗੁਰਦੁਆਰਾ ਬਾਉਲੀ ਸਾਹਿਬ ਪਿੰਡ ਮਹਿਮੂਆਣਾ (ਸਾਦਿਕ—ਫਰੀਦਕੋਟ) ਰੋਡ ਤੇ ਨਮਿਤ ਪਾਠ ਦੇ ਭੋਗ ਪਾਏ ਜਾਣਗੇ, ਜਿਥੇ ਵੱਖ—ਵੱਖ ਖਿੱਤਿਆਂ ਤੋਂ ਆਏ ਸਾਕ—ਸਬੰਧੀ ਤੇ ਸੱਜਣ ਵਿਛੜੀ ਰੂਹ ਨੂੰ ਸ਼ਰਧਾਂਜਲੀਆਂ ਅਰਪਿਤ ਕਰਨਗੇ।

# ਸੰਤ ਭਿੰਡਰਾਂਵਾਲਿਆਂ ਦੀ ਤਸਵੀਰ ਉਤਾਰਨ ਵਾਲੇ ਕੈਪਟਨ ਨੂੰ ਪੰਥ 'ਚੋਂ ਛੇਕਿਆ ਜਾਵੇ ਤੇ ਗੁਰਦੁਆਰਾ ਪ੍ਰਧਾਨਗੀ ਤੋਂ ਹਟਾਇਆ ਜਾਵੇ : ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ

## ਕੈਪਟਨ ਹਰਸਿਮਰਨ 'ਤੇ ਹਮਲਾ ਕਰਨ ਵਾਲੇ ਨੌਜਵਾਨਾਂ ਦੀ ਫ਼ੈਡਰੇਸ਼ਨ ਵੱਲੋਂ ਸ਼ਲਾਘਾ



**ਅੰਮ੍ਰਿਤਸਰ, 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਪਹੂਵਿੰਡ 'ਚ ਕੈਪਟਨ ਨੇ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਇੱਕ ਤਸਵੀਰ ਹਟਾਈ ਪਰ ਅਣਖ਼ੀਲੇ ਸਿੱਖ ਨੌਜਵਾਨਾਂ ਨੇ ਅਨੇਕਾਂ ਤਸਵੀਰਾਂ ਲਗਾ ਦਿੱਤੀਆਂ ਅਤੇ ਹੁਣ ਹੋਰ ਵੀ ਲੱਗਣਗੀਆਂ। ਉਹਨਾਂ ਕਿਹਾ ਕਿ ਕੈਪਟਨ ਹਰਸਿਮਰਨ ਸਿਹੁੰ ਦੀ ਮੱਤ ਮਾਰੀ ਗਈ ਹੈ, ਅਜਿਹੇ ਸਿੱਖ ਵਿਰੋਧੀ ਵਿਅਕਤੀ ਨੂੰ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਦੀਪ ਸਿੰਘ ਜੀ, ਪਿੰਡ ਪਹੂਵਿੰਡ ਦੇ ਪ੍ਰਬੰਧ ਦੀ ਸੇਵਾ ਖੋਹਣੀ ਚਾਹੀਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਚਾਹੀਦਾ ਹੈ ਕਿ ਇਸ ਨੂੰ ਸੰਗਲਾਂ ਨਾਲ ਨੂੜ ਕੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਲਿਆਵੇ ਅਤੇ ਇਸ ਨੂੰ ਖਾਲਸਾ ਪੰਥ ਵਿੱਚੋਂ ਛੇਕਿਆ ਜਾਵੇ। ਉਹਨਾਂ ਕਿਹਾ ਕਿ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਖਾਲਸਾ ਪੰਥ ਵੱਲੋਂ ਵੀਹਵੀਂ ਸਦੀ ਦਾ ਮਹਾਨ ਸਿੱਖ ਐਲਾਨਿਆ ਗਿਆ ਹੈ, ਉਹ ਸਾਡੀ ਕੌਮ ਦੇ ਮਹਾਨ ਸ਼ਹੀਦ ਅਤੇ ਜਰਨੈਲ ਹਨ, ਜਿਨ੍ਹਾਂ ਦੀ ਯਾਦਗਾਰ ਵੀ ਸ੍ਰੀ ਦਰਬਾਰ ਸਾਹਿਬ ਦੇ ਵਿੱਚ ਸੁਸ਼ੋਭਿਤ ਹੈ ਤੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਤਸਵੀਰ ਵੀ ਲੱਗੀ ਹੈ। ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਵੀ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਵਾਂਗ ਸ੍ਰੀ ਦਰਬਾਰ ਸਾਹਿਬ ਦੀ ਰਾਖੀ ਲਈ ਸਮੇਂ ਦੀ ਸਰਕਾਰ ਨਾਲ ਟੱਕਰ ਲਈ ਸੀ ਅਤੇ ਸ਼ਾਨਾਮੱਤਾ ਇਤਿਹਾਸ ਸਿਰਜਿਆ। ਉਹਨਾਂ ਕਿਹਾ ਕਿ ਸੰਤ ਜਰਨੈਲ ਸਿੰਘ ਸਿੱਖ ਨੌਜਵਾਨਾਂ ਦੇ ਦਿਲਾਂ ਦੇ ਵਿੱਚ ਚੌਂਕੜਾ ਮਾਰ ਕੇ ਬੈਠੇ ਹਨ। ਉਹਨਾਂ ਨੂੰ ਸਿੱਖ ਮਾਨਸਿਕਤਾ ਵਿੱਚੋਂ ਕੋਈ ਨਹੀਂ ਕੱਢ ਸਕਦਾ। ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਨੇ ਉਹਨਾਂ ਜਾਗਰੂਕ ਅਤੇ ਅਣਖੀਲੇ ਸਿੱਖ ਨੌਜਵਾਨਾਂ ਦੀ ਸ਼ਲਾਘਾ ਵੀ ਕੀਤੀ ਜਿਨ੍ਹਾਂ ਨੇ ਇਸ ਕੈਪਟਨ ਨੂੰ ਸੋਧਾ ਲਾਇਆ, ਉਸ ਦੀ ਗੱਡੀ ਦੇ ਉੱਤੇ ਹਮਲਾ ਕੀਤਾ। ਉਹਨਾਂ ਕਿਹਾ ਕਿ ਉਹ ਸਾਰੇ ਨੌਜਵਾਨ ਸਿੱਖ ਕੌਮ ਦੇ ਹੀਰੇ ਹਨ ਜਿਨ੍ਹਾਂ ਨੇ ਸੰਤ ਭਿੰਡਰਾਂਵਾਲਿਆਂ ਦੀ ਤਸਵੀਰ ਦੇ ਵਿਰੋਧ ਤੋਂ ਬਾਅਦ ਜਬਰਦਸਤ ਸੰਘਰਸ਼ ਕੀਤਾ, ਸੰਤ ਜਰਨੈਲ ਸਿੰਘ ਜੀ ਦੀ ਤਸਵੀਰ ਜੋ ਭਾਈ ਗੁਰਪਾਲ ਸਿੰਘ ਅਲਗੋਂ ਨੇ ਟੈਂਕੀ ਦੇ ਉੱਪਰ ਲਗਾ ਦਿੱਤੀ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਭਾਈ ਹਰਪਾਲ ਸਿੰਘ ਬਲੇਰ ਨੇ ਮੌਕੇ ਉੱਤੇ ਪਹੁੰਚ ਕੇ ਸਿੱਖ ਨੌਜਵਾਨਾਂ ਦਾ ਸਾਥ ਦਿੱਤਾ ਅਤੇ ਨੌਜਵਾਨਾਂ ਨੇ ਜਗ੍ਹਾ ਜਗ੍ਹਾ 'ਤੇ ਸੰਤਾਂ ਦੀਆਂ ਤਸਵੀਰਾਂ ਲਗਾ ਕੇ ਉਸ ਕਰਨਲ ਨੂੰ ਬਾਖ਼ੂਬੀ ਜਵਾਬ ਦਿੱਤਾ। ਉਹਨਾਂ ਕਿਹਾ ਕਿ ਬੁੱਚੜ ਬੇਅੰਤੇ ਅਤੇ ਕੇ.ਪੀ.ਐਸ. ਗਿੱਲ ਦੀ ਰੂਹ ਕੇਵਲ ਸਿਆਸੀ ਨੇਤਾਵਾਂ ਵਿੱਚ ਹੀ ਨਹੀਂ, ਬਲਕਿ ਇਸ ਕੈਪਟਨ ਹਰਸਿਮਰਨ ਸਿਹੁੰ ਵਰਗੇ ਲੋਕ ਜੋ ਧਾਰਮਿਕ ਅਹੁਦਿਆਂ ਉੱਤੇ ਬੈਠੇ ਹਨ ਉਹਨਾਂ ਵਿੱਚ ਵੀ ਪ੍ਰਵੇਸ਼ ਕਰ ਚੁੱਕੀ ਹੈ। ਉਹਨਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਇੱਕ ਗੁਰਦੁਆਰੇ ਦਾ ਪ੍ਰਧਾਨ ਹੀ ਸੰਤ ਜਰਨੈਲ ਸਿੰਘ ਜੀ ਦੀ ਤਸਵੀਰ ਉਤਾਰਨ ਦਾ ਯਤਨ ਕਰ ਰਿਹਾ ਹੈ ਜਦ ਕਿ ਇਹ ਅਸਥਾਨ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਮਰ ਸ਼ਹੀਦ ਬਾਬਾ ਦੀਪ ਸਿੰਘ ਦਾ ਹੈ ਅਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਦਮਦਮੀ ਟਕਸਾਲ ਦੇ ਹੀ ਚੌਦ੍ਹਵੇਂ ਮੁਖੀ ਸਨ। ਉਹਨਾਂ ਕਿਹਾ ਕਿ ਸੰਤ ਜਰਨੈਲ ਸਿੰਘ ਜੀ ਦੀ ਜਰਨੈਲੀ ਸ਼ਖਸੀਅਤ ਇੰਨੀ ਵੱਡੀ ਹੈ ਕਿ ਉਹਨਾਂ ਦੀ ਤਸਵੀਰ ਵੀ ਵੈਰੀਆਂ ਨੂੰ ਡਰਾ ਰਹੀ ਹੈ। ਉਹਨਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਨੂੰ ਚਾਹੀਦਾ ਹੈ ਕਿ ਇਸ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਖਾਲਸਾ ਪੰਥ ਵਿੱਚੋਂ ਛੇਕਿਆ ਜਾਵੇ ਅਤੇ ਇਸ ਨੂੰ ਗੁਰਦੁਆਰਾ ਪਹੂਵਿੰਡ ਦੀ ਪ੍ਰਧਾਨਗੀ ਤੋਂ ਵੀ ਹਟਾਇਆ ਜਾਵੇ, ਇਸ ਤੋਂ ਸਿੱਖ ਹੋਣ ਦਾ ਦਾਅਵਾ ਵੀ ਖੋਹ ਲੈਣਾ ਚਾਹੀਦਾ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

### ਲੰਡਨ ਵਿੱਚ ਆਜ਼ਾਦੀ ਪਸੰਦ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਅਤੇ ਕੱਟੜ ਹਿੰਦੂਤਵ ਵਿਚਾਰਧਾਰਾ ਲਈ

# ਮੋਦੀ ਪੱਖੀ ਥਿੰਕ ਟੈਂਕ ਦੀ ਕੀਤੀ ਜਾ ਰਹੀ ਸ਼ੁਰੂਆਤ




ਨਵੀਂ ਦਿੱਲੀ 28 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-ਸਿੱਖ ਫੈਡਰੇਸ਼ਨ (ਯੂ.ਕੇ.) ਵਲੋਂ ਸਿੱਖਾਂ ਦੇ ਮਸਲੇ ਨੂੰ ਅੰਤਰ ਰਾਸ਼ਟਰੀ ਪੱਧਰ ਤੇ ਚੁੱਕਣ ਦੀ ਰਾਜਨੀਤੀ ਨੂੰ ਨਿਸ਼ਾਨਾ ਬਣਾਉਣ ਅਤੇ ਕੱਟੜ ਹਿੰਦੂਤਵ ਵਿਚਾਰਧਾਰਾ ਦੀ ਯੂਕੇ ਵਿੱਚ ਆਲੋਚਨਾ ਦਾ ਮੁਕਾਬਲਾ ਕਰਨ ਲਈ ਲੰਡਨ ਵਿੱਚ ਮੋਦੀ ਪੱਖੀ ਥਿੰਕ ਟੈਂਕ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਪ੍ਰਧਾਨ ਭਾਈ ਅਮਰੀਕ ਸਿੰਘ ਨੇ ਸਿੱਖ ਫੈਡਰੇਸ਼ਨ ਦੀ ਰਾਜਨੀਤੀ ਬਾਰੇ ਨਵੇਂ ਥਿੰਕ ਟੈਂਕ ਦੀ ਟਿੱਪਣੀ ਦਾ ਜਵਾਬ ਦਿੰਦਿਆਂ ਕਿਹਾ ਕਿ ਅਸੀਂ ਪਿਛਲੇ 40 ਸਾਲਾਂ ਤੋਂ ਸਿੱਖ ਹੱਕਾਂ ਲਈ ਮੁਹਿੰਮ ਚਲਾ ਰਹੇ ਹਾਂ, ਯੂਕੇ ਦੇ ਸਿਆਸਤਦਾਨਾਂ ਦੀ ਲਾਬਿੰਗ ਕਰ ਰਹੇ ਹਾਂ ਅਤੇ ਭਾਰਤ ਸਰਕਾਰ ਦੇ ਜ਼ੁਲਮਾਂ ਨੂੰ ਅੰਤਰਰਾਸ਼ਟਰੀ ਮੰਚ 'ਤੇ ਨੰਗਾ ਕਰ ਰਹੇ ਹਾਂ। ਭਾਰਤ ਸਰਕਾਰ 1984 ਦੀ ਸਿੱਖ ਨਸਲਕੁਸ਼ੀ ਤੋਂ ਬਾਅਦ ਯੂਕੇ ਦੀ ਰਾਜਨੀਤੀ ਵਿੱਚ ਦਖ਼ਲਅੰਦਾਜ਼ੀ ਅਤੇ ਦਬਾਅ ਬਣਾ ਰਹੀ ਹੈ। ਇਸ ਨੇ ਸਭ ਕੁਝ ਕਰਨ ਦੀ ਕੋਸ਼ਿਸ਼ ਕੀਤੀ ਹੈ ਅਤੇ ਸਾਨੂੰ ਚੁੱਪ ਕਰਵਾਉਣ ਵਿੱਚ ਅਸਫਲ ਰਹੀ ਹੈ। ਇਹ ਹੁਣ ਅੰਤਰ-ਰਾਸ਼ਟਰੀ ਦਮਨ ਅਤੇ ਡਾਇਸਪੋਰਾ ਵਿੱਚ ਸਿੱਖ ਕਾਰਕੁਨਾਂ 'ਤੇ ਅੱਤਵਾਦੀ ਹਮਲਿਆਂ ਦਾ ਸਹਾਰਾ ਲੈ ਕੇ ਬਹੁਤ ਹੱਦ ਤੱਕ ਲੰਮਾ ਜਾ ਰਿਹਾ ਹੈ। ਮੋਦੀ ਪੱਖੀ ਥਿੰਕ ਟੈਂਕ ਦਾ ਇਹ ਤਾਜ਼ਾ ਕਦਮ ਸਾਡੀ ਨਿਰੰਤਰ ਮੁਹਿੰਮ ਦੀ ਸਫਲਤਾ ਦੇ ਜਵਾਬ ਵਿੱਚ ਹੈ ਅਤੇ ਕਿਉਂਕਿ ਅਸੀਂ ਅੰਤਰਰਾਸ਼ਟਰੀ ਮੰਚ 'ਤੇ ਸਿੱਖ ਹੋਮਲੈਂਡ ਦੀ ਮੁੜ ਸਥਾਪਨਾ ਲਈ ਦਲੀਲ ਜਿੱਤ ਰਹੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

**ਭਾਰਤ ਸਰਕਾਰ 1984 ਦੀ ਸਿੱਖ ਨਸਲਕੁਸ਼ੀ ਤੋਂ ਬਾਅਦ ਯੂਕੇ ਦੀ ਰਾਜਨੀਤੀ ਵਿੱਚ ਦਖ਼ਲਅੰਦਾਜ਼ੀ ਅਤੇ ਬਣਾ ਰਹੀ ਹੈ ਦਬਾਅ: ਭਾਈ ਅਮਰੀਕ ਸਿੰਘ**

### ਅਮਰ ਸਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਯਾਦ 'ਚ

# ਸ਼ਹੀਦੀ ਸਮਾਗਮ ਕਰਵਾਇਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 28 ਜਨਵਰੀ (ਕੁਲਜੀਤ ਸਿੰਘ ਖੋਖਰ)**-ਅਮਰ ਸਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਜਾਦ ਚ ਕਸਜਪ ਰਾਜਪੂਤ ਸਭਾ ਪਿੰਡ ਸਲੋਪੁਰ ਵਲੋ ਪਿੰਡ ਵਾਸੀਆ ਦੇ ਸਹਿਜੋਗ ਨਾਲ ਗੁਰਦੁਆਰਾ ਸਿੰਘ ਸਭਾ ਚੜਦੀ ਪੱਤੀ ਪਿੰਡ ਸਲੋਪੁਰ ਵਿਖੇ ਬੜੀ ਸਰਧਾ ਭਾਵਨਾ ਨਾਲ ਮਨਾਇਆ ਗਿਆ !ਇਸ ਸਬੰਧੀ ਜਾਣਕਾਰੀ ਦਿੰਦਿਆ ਕਸਜਪ ਰਾਜਪੂਤ ਸਭਾ ਸਲੋਪੁਰ ਦੇ ਪ੍ਰਧਾਨ ਗਿਆਨੀ ਗੁਲਜਾਰ ਸਿੰਘ ਨੇ ਦਸਿਆ ਕਿ ਸਹੀਦੀ ਸਮਾਗਮ ਸਬੰਧੀ ਰੱਖੇ ਗਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਏ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ! ਸਮਾਗਮ ਦੌਰਾਨ ਸੰਤ ਬਾਬਾ ਰਾਜਿੰਦਰ ਸਿੰਘ ਬੇਲੇ ਵਾਲਿਆ ਨੇ ਗੁਰਬਾਣੀ ਕੀਰਤਨ ਰਾਹੀ ਸੰਗਤਾ ਨੂੰ ਸਬਦ ਗੁਰੂ ਨਾਲ ਜੋੜਿਆ ਅਤੇ ਅਮਰ ਸਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਸਹੀਦੀ ਦਾ ਵਰਨਣ ਪੇਸ ਕਰਦਿਆ ਸੰਗਤਾ ਨੂੰ ਭਾਵੁਕ ਵੀ ਕੀਤਾ ! ਇਸ ਮੌਕੇ ਪਹੁਚੇ ਕਸਜਪ ਰਾਜ ਪੂਤ ਮਹਾ ਸਭਾ ਪੰਜਾਬ ਦੇ ਪੰਜਾਬ ਡਾ ਮਨਮੋਹਨ ਸਿੰਘ ਭਾਗੋਵਾਲੀਆ ,ਮਹਾ ਸਭਾ ਪੰਜਾਬ ਦੇ ਜਨਰਲ ਸਕੱਤਰ ਬਲਬੀਰ ਸਿੰਘ ਪਾਹੜਾ ,ਜਿਲੇ ਦੇ ਉਪ ਪ੍ਰਧਾਨ ਬਲਵਿੰਦਰ ਸਿੰਘ, ਜਿਲੇ ਦੇ ਕੈਸੀਅਰ ਜਗਦੀਸ ਸਿੰਘ ਨੇ ਵੀ ਸੰਗਤਾ ਨੂੰ ਸੰਬੋਧਨ ਕੀਤਾ !ਇਸ ਮੌਕੇ ਗੁਰੂ ਕੇ ਅਤੁਟ ਲੰਗਰ ਵੀ ਸੰਗਤਾ ਚ ਵਰਤਾਏ ਗਏ ! ਇਸ ਮੌਕੇ ਉਪ ਪ੍ਰਧਾਨ ਰਘਬੀਰ ਸਿੰਘ,ਸਕੱਤਰ ਸਤਨਾਮ ਸਿੰਘ,ਕੈਸੀਅਰ ਹਰਜੀਤ ਸਿੰਘ,ਕਮਲਜੀਤ ਸਿੰਘ,ਸੁਖਦੇਵ ਸਿੰਘ,ਜਰਨੈਲ ਸਿੰਘ,ਦਲਬੀਰ ਸਿੰਘ,ਗੁਰਨਾਮ ਸਿੰਘ ਤੋ ਇਲਾਵਾ ਵੱਡੀ ਗਿਣਤੀ ਚ ਸੰਗਤਾ ਹਾਜਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਮਨਾਇਆ ਗਣਤੰਤਰ ਦਿਵਸ




ਫ਼ਿਰੋਜ਼ਪੁਰ, 28 ਜਨਵਰੀ (ਮਨੋਹਰ ਲਾਲ):— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਗਣਤੰਤਰ ਦਿਵਸ ਦਾ ਸ਼ੁਭ ਦਿਹਾੜਾ ਬਾਗੀ ਪਾਰਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ। ਇਸ ਮੌਕੇ ਦੇਸ਼ ਦੇ 75ਵੇਂ ਗਣਤੰਤਰ ਦਿਵਸ ਦੇ ਸਬੰਧ ਵਿਚ ਕਰਵਾਏ ਸਮਾਗਮ ਨੂੰ ਧੂਮ—ਧਾਮ ਨਾਲ ਮਨਾਉਂਦਿਆਂ ਦੇਸ਼ ਦੀ ਤਰੱਕੀ, ਉਨਤੀ ਲਈ ਹਰ ਮਨੁੱਖ ਨੂੰ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਬੋਲਦਿਆਂ ਡਾਕਟਰ ਦੀਵਾਨ ਚੰਦ ਸੁਖੀਜਾ ਚੇਅਰਮੈਨ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸੁਸਾਇਟੀ ਦੇ ਸੀਨੀਅਰ ਵਾਈਸ ਪ੍ਰਧਾਨ ਰਮੇਸ਼ ਬਜਾਜ ਨੇ ਦੱਸਿਆ ਕਿ ਅੱਜ ਦੇ ਦਿਨ ਡਾਕਟਰ ਭੀਮ ਰਾਓ ਅੰਬੇਦਕਰ ਦੁਆਰਾ ਭਾਰਤ ਦੇਸ਼ ਦਾ ਸਵਿਧਾਨ ਲਿਖਿਆ ਗਿਆ ਸੀ। ਇਸ ਮੌਕੇ ਜਤਿੰਦਰ, ਰਾਮ ਕਿਸ਼ੋਰ ਵਧਵਾ, ਡਾ: ਸੋਨੀਆ ਆਨੰਦ, ਸ਼ਰਨਜੀਤ ਸਿੰਘਬੇਦੀ, ਕੇ.ਸੀ ਗਲਹੋਤਰਾ, ਮੈਡਮ ਪੁਸ਼ਪਾ, ਕਿਸ਼ਨ ਚੰਦ ਜਾਗੋਵਾਲੀਆ, ਵਿਜੈ ਅਰੋੜਾ, ਪਰਵੀਨ ਧਵਨ ਜਨਰਲ ਸਕੱਤਰ, ਦੇਸ ਰਾਜ ਸ਼ਰਮਾ, ਮੁਖਤਿਆਰ ਸਿੰਘ, ਰਾਣਾ ਆਦਿ ਹਾਜ਼ਰ ਸਨ। ਇਸ ਮੌਕੇ ਤੇ ਪਾਰਸ ਵਧਵਾ ਨੇ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਸੁਸਾਇਟੀ ਵਿਚ ਸ਼ਾਮਿਲ ਹੁੰਦਿਆਂ ਸਟਰੀਮ ਲਾਈਨ ਸੁਸਾਇਟੀ ਦੁਆਰਾ ਕੀਤੇ ਜਾ ਰਹੇ ਸਰਾਹਨਾਯੋਗ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸੁਸਾਇਟੀ ਆਗੂਆਂ ਨੇ ਪਾਰਸ ਵਧਵਾ ਨੂੰ ਜੀ ਆਇਆ ਆਖਦਿਆਂ ਹਰ ਵਿਅਕਤੀ ਨੂੰ ਸਮਾਜ ਦੇ ਹਿੱਤ ਵਿਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੰਬਈ 'ਚ ਦੋ ਰੋਜ਼ਾ ਕੌਮਾਂਤਰੀ ਪ੍ਰਦਰਸ਼ਨੀ 'ਚ ਕੀਤੇ ਜਾ ਰਹੇ ਪਰਉਪਕਾਰੀ ਕੰਮਾਂ ਬਾਰੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲਾਇਆ ਸਟਾਲ



ਨਵੀਂ ਦਿੱਲੀ, 28 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੁੰਬਈ ਦੇ ਜੀਓ ਕਨਵੈਨਸ਼ਨ ਸੈਂਟਰ ਵਿਚ ਲੱਗੀ ਦੋ ਰੋਜ਼ਾ ਕੌਮਾਂਤਰੀ ਪ੍ਰਦਰਸ਼ਨੀ 'ਚ ਸਟਾਲ ਲਗਾ ਕੇ ਇਸ ਵੱਲੋਂ ਮਨੁੱਖਤਾ ਦੀ ਸੇਵਾ ਵਾਸਤੇ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਹੈ। ਇਹ ਪ੍ਰਦਰਸ਼ਨੀ ਲਾਇਨਜ਼ ਕਲੱਬ ਆਫ ਇੰਡੀਆ ਵੱਲੋਂ ਲਗਾਇਆ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਦੇ ਚੇਅਰਮੈਨ ਉਚੇਰੀ ਸਿੱਖਿਆ ਸਰਦਾਰ ਐਮ ਪੀ ਐਸ ਚੱਢਾ ਤੇ ਸਟਾਫ ਮੈਂਬਰ ਸਰਦਾਰ ਨਰਿੰਦਰ ਸਿੰਘ ਰਾਵਲਪਿੰਡੀ ਵਿਸ਼ੇਸ਼ ਤੌਰ 'ਤੇ ਮੁੰਬਈ ਵਿਚ ਹਨ ਤਾਂ ਜੋ ਇਸ ਪ੍ਰੋਗਰਾਮ ਨੂੰ ਸਫਲ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਪ੍ਰਦਰਸ਼ਨੀ ਵਿਚ 200 ਤੋਂ ਜ਼ਿਆਦਾ ਦੇਸ਼ਾਂ ਤੋਂ ਪ੍ਰਤੀਨਿਧ ਪੁੱਜੇ ਹਨ ਤੇ 400 ਤੋਂ ਜ਼ਿਆਦਾ ਸਟਾਲ ਲੱਗੇ ਹਨ ਜਿਹਨਾਂ ਵਿਚ ਵੱਖ-ਵੱਖ ਸੰਸਥਾਵਾਂ ਆਪਣੇ ਵੱਲੋਂ ਕੀਤੇ ਜਾ ਰਹੇ ਪਰਉਪਕਾਰੀ ਕੰਮਾਂ ਬਾਰੇ ਜਾਣਕਾਰੀਆਂ ਸਾਂਝੀਆਂ ਕਰ ਰਹੀਆਂ ਹਨ। ਉਹਨਾਂ ਦੱਸਿਆ ਕਿ ਦਿੱਲੀ ਕਮੇਟੀ ਨੇ ਐਚ 12 ਨੰਬਰ ਸਟਾਲ ਲਗਾਇਆ ਹੈ। ਉਹਨਾਂ ਦੱਸਿਆ ਕਿ ਅਸੀਂ ਵਿਸ਼ੇਸ਼ ਸਕਰੀਨਾਂ ਦੇ ਨਾਲ-ਨਾਲ ਕਾਊਂਟਰ ਲਗਾਏ ਹਨ ਜਿਥੇ ਸਾਹਿਤਕ ਸਮੱਗਰੀ ਤੇ ਹੋਰ ਜ਼ਰੂਰੀ ਵਸਤਾਂ ਦੇ ਨਾਲ ਦੱਸਿਆ ਜਾ ਰਿਹਾ ਹੈ ਕਿ ਕਿਵੇਂ ਦਿੱਲੀ ਗੁਰਦੁਆਰਾ ਕਮੇਟੀ ਮੈਡੀਕਲ, ਧਾਰਮਿਕ ਤੇ ਹੋਰ ਖੇਤਰਾਂ ਵਿਚ ਮਨੁੱਖਤਾ ਦੀ ਸੇਵਾ ਕਰ ਰਹੀ ਹੈ। ਉਹਨਾਂ ਦੱਸਿਆ ਕਿ ਅੱਜ 5 ਹਜ਼ਾਰ ਤੋਂ ਜ਼ਿਆਦਾ ਲੋਕ ਦਿੱਲੀ ਕਮੇਟੀ ਦੇ ਸਟਾਲ ਵਿਚ ਆਏਹਨ ਤੇ ਕੱਲ੍ਹ ਹੋਰ ਭੀੜ ਹੋਣ ਦੀ ਸੰਭਾਵਨਾ ਹੈ। ਉਹਨਾਂ ਨੇ ਪ੍ਰਦਰਸ਼ਨੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਹੋਰ ਦਾਨ ਤੇ ਸਹਾਇਤਾ ਮਿਲਦੀ ਹੈ ਜਿਸਦਾ ਮਤਲਬ ਹੈ ਕਿ ਮਨੁੱਖਤਾ ਦੀ ਸੇਵਾ ਵਾਸਤੇ ਹੋਰ ਬਲ ਮਿਲਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਲਾਲ ਸਿੰਘ ਜੀ ਕੁਲੀ ਵਾਲਿਆ ਦੀ ਸਾਲਾਨਾ ਬਰਸੀ ਪਿੰਡ ਮੇਹੜੇ ਵਿਖੇ ਮਨਾਈ ਗਈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 28 ਜਨਵਰੀ (ਕੁਲਜੀਤ ਸਿੰਘ ਖੋਖਰ)**-ਧੰਨ-ਧੰਨ ਪੂਰਨ ਬ੍ਰਮ ਗਿਆਨੀ ਸੰਤ ਬਾਬਾ ਲਾਲ ਸਿੰਘ ਜੀ ਕੁਲੀ ਵਾਲਿਆ ਦੀ ਸਲਾਨਾ ਬਰਸੀ ਗੁਰਦੁਆਰਾ ਗੁਰੂ ਤੇਗ ਬਹਾਦਰ ਪਿੰਡ ਮੇਹੜੇ ਦੇ ਮੁਖ ਸੇਵਾਦਾਰ ਸੰਤ ਬਾਬਾ ਰਾਜਿੰਦਰ ਸਿੰਘ ਜੀ ਦੀ ਦੇਖ ਰੇਖ ਹੇਠ ਮਨਾਈ ਗਈ ਇਸ ਬਰਸੀ ਸਮਾਗਮ ਸਬੰਧੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਏ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਢਾਡੀ ਤੋ ਇਲਾਵਾ ਸੰਤ ਮਹਾਪੁਰਖਾ ਨੇ ਵੀ ਸੰਗਤਾ ਨਾਲ ਆਪਣੇ ਵਿਚਾਰਾ ਦੀ ਸਾਝ ਪਾਈ ਅਤੇ ਮਹਾਪੁਰਸ ਸੰਤ ਬਾਬਾ ਲਾਲ ਸਿੰਘ ਜੀ ਕੁਲੀ ਵਾਲਿਆ ਦੇ ਦਰਸਾਏ ਮਾਰਗ ਤੇ ਚਲਣ ਲਈ ਪ੍ਰੇਤਿ ਕੀਤਾ ! ਇਸ ਮੌਕੇ ਸੰਤ ਬਾਬਾ ਹਰਜਿੰਦਰ ਸਿੰਘ ਜੀ ਮੰਝਪੁਰ ਵਾਲਿਆ ਨੇ ਗੁਰਬਾਣੀ ਕਥਾ ਕੀਰਤਨ ਕਰਦਿਆ ਕਿਹਾ ਕਿ ਹਰੇਕ ਮਨੁੱਖ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਵੀ ਹੀ ਚੰਗਾ ਮਾਰਗ ਦਰਸਕ ਦਿਖਾ ਸਕਦੀ ਹੈ ਇਸ ਲਈ ਮਨੁਖਾ ਨੂੰ ਬਾਣੀ ਪੜ ਸੁਣ ਕੇ ਵਿਚਾਰ ਕੇ ਉਸ ਤੇ ਅਮਲ ਕਰਨਾ ਚਾਹੀਦਾ ਹੈ ਇਸ ਸਮਾਗਮ ਦੇ ਮੁਖ ਸੇਵਾਦਾਰ ਸੰਤ ਬਾਬਾ ਰਾਜਿੰਦਰ ਸਿੰਘ ਜੀ ਨੇ ਵੱਡੀ ਗਿਣਤੀ ਚ ਸਮਾਗਮ ਚ ਪਹੁਚੀਆ ਸੰਗਤਾ ਦਾ ਧੰਨਵਾਦ ਕੀਤਾ ! ਇਸ ਮੌਕੇ ਸਮਾਗਮ ਪਰਬੰਧਕਾ ਨੇ ਰਾਗੀ ਢਾਡੀ ਜਥਿਆ ਅਤੇ ਸੰਤ ਮਹਾਪੁਰਸਾ ਨੂੰ ਸਿਰੋਪਾਉ ਪਾ ਕੇ ਸਨਮਾਨਿਤ ਕੀਤਾ ! ਇਸ ਮੌਕੇ ਗੁਰੂ ਕੇ ਅਤੁਟ ਲੰਗਰ ਵੀ ਸੰਗਤਾ ਚ ਵਰਤਾਏ ਗਏ !ਇਸ ਮੌਕੇ ਜਗਰੂਪ ਸਿੰਘ ਸੇਖਵਾ,ਜਸਪਾਲ ਸਿੰਘ ਪੰਧੇਰ,ਨਰਿੰਦਰ ਸਿੰਘ ਪਰਮਜੀਤ ਸਿੰਘ,ਬਾਬਾ ਸਰਵਨ ਸਿੰਘ,ਸੇਵਾ ਸਿੰਘ ਪਹਿਲਵਾਨ,ਮਲਕੀਤ ਸਿੰਘ,ਨਿਸਾਨ ਸਿੰਘ ਚਾਹਲ ਤੋ ਇਲਾਵਾ ਵੱਡੀ ਗਿਣਤੀ ਚ ਸੰਗਤਾ ਹਾਜਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਸਮੇਤ ਕਿਸਾਨ ਮਜਦੂਰ ਮੋਰਚਾ ਦੀਆਂ 76 ਜਥੇਬੰਦੀਆਂ ਵੱਲੋਂ ਬੀ ਕੇ ਯੂ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੀ ਸੁਪਤਨੀ ਬੀਬੀ ਹਰਜੀਤਇੰਦਰ ਕੌਰ ਜੀ ਦੇ ਸਦੀਵੀ ਵਿਛੋੜੇ ਤੇ ਦੁੱਖ ਦਾ ਪ੍ਰਗਟਾਵਾ



**ਚੰਡੀਗੜ੍ਹ, 28 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬੀ ਕੇ ਯੂ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੀ ਸੁਪਤਨੀ ਬੀਬੀ ਹਰਜੀਤਇੰਦਰ ਕੌਰ ਦੇ ਅਕਾਲ ਚਲਾਣਾ ਕਰ ਜਾਣ ਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਕਿਸਾਨ ਮਜਦੂਰ ਮੋਰਚਾ ਦੀਆਂ 76 ਜਥੇਬੰਦੀਆਂ ਦੇ ਫ਼ੋਰਮ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਸਰਵਣ ਸਿੰਘ ਪੰਧੇਰ ਨੇ ਇਸ ਮੌਕੇ ਜਗਜੀਤ ਸਿੰਘ ਡੱਲੇਵਾਲ ਸਮੇਤ ਪੂਰੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਡੱਲੇਵਾਲ ਸਾਬ੍ਹ ਦੇ ਸੰਘਰਸ਼ਮਈ ਜੀਵਨ ਵਿੱਚ ਬੀਬੀ ਜੀ ਦਾ ਵੱਡਾ ਯੋਗਦਾਨ ਰਿਹਾ ਹੈ ਅਤੇ ਇਹ ਨਾ ਪੂਰਿਆ ਜਾਣ ਵਾਲਾ ਘਾਟਾ ਹੈ। ਓਹਨਾ ਕਿਹਾ ਕਿ ਬੀਬੀ ਜੀ ਨੂੰ ਸਾਡੇ ਵੱਲੋਂ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅੱਜ ਪੰਜਾਬ ਅਤੇ ਦੇਸ਼ ਦੇ ਹਿੱਤ ਲਈ ਉਲੀਕੇ ਗਏ ਸੰਘਰਸ਼ ਨੂੰ ਹੋਰ ਬੁਲੰਦ ਕਰਦੇ ਹੋਏ ਲੋਕ ਲਹਿਰ ਬਣਾ ਕੇ ਲੋਕਾਂ ਦੀ ਜਿੱਤ ਯਕੀਨੀ ਬਣਾਈ ਜਾਵੇ। ਓਹਨਾ ਕਿਹਾ ਕਿ ਦੇਸ਼ ਦਾ ਹਰ ਕਿਸਾਨ ਮਜਦੂਰ ਜਿੰਦਗੀ ਦੇ ਇਸ ਔਖੇ ਮੋੜ ਤੇ ਡੱਲੇਵਾਲ ਜੀ ਨਾਲ ਖੜਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV